EDUCATING LITERATES
LALLY Infosys
Since 1997 Group of Institutions
ISO 9001-2015 Certified
Serving Society with Quality Education
STUDY ABROAD
LALLY BUILDING, BMC CHOWK
JALANDHAR 98889-00011

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ ਅਮਨਦੀਪ ਮਹਿਰਾ
ਬੁੱਧਵਾਰ 01 ਮਈ 2024

ਹਰ ਰੋਜ਼ ਲੱਗ ਰਹੇ ਹਨ ਵੀਜ਼ਾ ਹੀ ਵੀਜ਼ਾ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2155 ਵੀਜ਼ਾ
1 ਜਨਵਰੀ 2024 ਤੋਂ 30 ਮਾਰਚ 2024 ਤੱਕ ਲੱਗੇ
easyvisa
8194 828282

R.N.I.Punpun/29016/2008 * ਸਾਲ 15 * ਅੰਕ : 337 * ਮੁੱਲ ; 5.00 ਰੁਪਏ * ਕੁੱਲ ਪੇਜ 10 * ਦਫਤਰ : 0181-2211009 * : M 99155-94111

ਹਰ ਰੋਜ਼ ਲੱਗ ਰਹੇ ਹਨ ਵੀਜ਼ਾ ਹੀ ਵੀਜ਼ਾ
ਕੈਨੇਡਾ
2155 ਵੀਜ਼ਾ
1 ਜਨਵਰੀ 2024 ਤੋਂ 30 ਮਾਰਚ 2024 ਤੱਕ ਲੱਗੇ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
easyvisa | 8194 828282

## ਕੈਨੇਡਾ ਸਰਕਾਰ ਨੇ ਵਿਦਿਆਰਥੀਆਂ ਨੂੰ ਹਫਤੇ ਵਿੱਚ ਸਿਰਫ 24 ਘੰਟੇ ਕੰਮ ਕਰਨ ਦੀ ਦਿੱਤੀ ਇਜਾਜ਼ਤ

ਓਟਵਾ- ਕੈਨੇਡਾ ਸਰਕਾਰ ਨੇ ਭਾਰਤ ਸਣੇ ਸਾਰੇ ਅੰਤਰਰਾਸ਼ਟਰੀ ਵਿਦਿਆਰਥੀਆਂ ਲਈ ਨਵਾਂ ਨਿਯਮ ਬਣਾਇਆ ਹੈ। ਇਸ ਨਿਯਮ ਤਹਿਤ ਹੁਣ ਅੰਤਰਰਾਸ਼ਟਰੀ ਵਿਦਿਆਰਥੀ ਹਫ਼ਤੇ ਵਿੱਚ ਸਿਰਫ 24 ਘੰਟੇ ਕਾਲਜ ਕੈਂਪਸ ਤੋਂ ਬਾਹਰ ਕੰਮ ਕਰ ਸਕਦੇ ਹਨ। ਇਹ ਨਿਯਮ ਸਤੰਬਰ ਤੋਂ ਲਾਗੂ ਹੋ ਰਿਹਾ ਹੈ। ਪਹਿਲਾਂ ਅੰਤਰਰਾਸ਼ਟਰੀ ਵਿਦਿਆਰਥੀਆਂ ਨੂੰ 20 ਘੰਟਿਆਂ ਤੋਂ ਵੱਧ ਸਮੇਂ ਲਈ ਕੈਂਪਸ ਤੋਂ ਬਾਹਰ ਕੰਮ ਕਰਨ ਦੀ ਇਜਾਜ਼ਤ ਸੀ। ਇਮੀਗ੍ਰੇਸ਼ਨ, ਸ਼ਰਨਾਰਥੀ ਅਤੇ ਨਾਗਰਿਕਤਾ ਮੰਤਰੀ ਮਾਰਕ ਮਿਲਰ ਨੇ ਕਿਹਾ, 'ਵਿਦਿਆਰਥੀਆਂ ਨੂੰ ਕੈਂਪਸ ਤੋਂ ਬਾਹਰ ਹਰ ਹਫ਼ਤੇ 20 ਘੰਟੇ ਤੋਂ ਵੱਧ ਕੰਮ ਕਰਨ ਦੀ ਇਜਾਜ਼ਤ ਦੇਣ ਵਾਲੀ ਅਸਥਾਈ ਨੀਤੀ 30 ਅਪਰੈਲ ਨੂੰ ਖਤਮ ਹੋ ਗਈ ਹੈ। ਇਸ ਨੂੰ ਅੱਗੇ ਨਹੀਂ ਵਧਾਇਆ ਜਾਵੇਗਾ।

## ਪੰਜਾਬ ਵਿੱਚ ਸੜਕ ਹਾਦਸੇ ਵਿੱਚ ਸਾਬਕਾ ਵਿਧਾਇਕ ਜ਼ਖ਼ਮੀ ਡਰਾਈਵਰ ਦੀ ਹੋਈ ਮੌਤ



ਅਮ੍ਰਿਤਸਰ,-: ਜੀਟੀ ਰੋਡ ਟਾਂਗਰਾ ਸਥਿਤ ਫਲਾਈਓਵਰ 'ਤੇ ਪੱਥਰ ਨਾਲ ਟਕਰਾਉਣ ਤੇ ਆਪਣੀ ਇਨੋਵਾ ਗੱਡੀ 'ਚ ਸਵਾਰ ਸਾਬਕਾ ਐੱਮਐੱਲਏ ਮਨਜੀਤ ਸਿੰਘ ਦਸੂਹਾ ਜ਼ਖ਼ਮੀ ਹੋ ਗਏ ਅਤੇ ਉਨ੍ਹਾਂ ਦੇ ਡਰਾਈਵਰ ਦੀ ਮੌਤ ਹੋ ਜਾਣ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ । Road Accident : ਟਾਂਗਰਾ ਵਿਖੇ ਵਾਪਰਿਆ ਭਿਆਨਕ ਹਾਦਸਾ, ਸਾਬਕਾ ਐੱਮਐੱਲਏ ਜ਼ਖ਼ਮੀ; ਡਰਾਈਵਰ ਦੀ ਹੋਈ ਮੌਤRoad Accident : ਟਾਂਗਰਾ ਵਿਖੇ ਵਾਪਰਿਆ ਭਿਆਨਕ ਹਾਦਸਾ, ਸਾਬਕਾ ਐੱਮਐੱਲਏ ਜ਼ਖ਼ਮੀ; ਡਰਾਈਵਰ ਦੀ ਹੋਈ ਮੌਤ ਐੱਸਐੱਚਓ ਬਲਵਿੰਦਰ ਸਿੰਘ ਥਾਣਾ ਤਰਸਿੱਕਾ ਨੇ ਦੱਸਿਆ ਕਿ ਚੌਕੀ ਇੰਚਾਰਜ ਟਾਂਗਰਾ ਐੱਸਆਈ ਸੁਖਜਿੰਦਰ ਸਿੰਘ ਨੂੰ ਮਿਲੀ।

## ਪੰਜਾਬ ਤੋਂ ਕਟੜਾ ਜਾਣ ਵਾਲੇ ਯਾਤਰੀਆਂ ਲਈ ਵੱਡੀ ਖਬਰ, ਕਈ ਟਰੇਨਾਂ ਹੋਇਆਂ ਰੱਦ




**ਜਲੰਧਰ** : ਪੰਜਾਬ 'ਚ ਟਰੇਨਾਂ ਦੇ ਰੱਦ ਹੋਣ ਕਾਰਨ ਯਾਤਰੀਆਂ ਨੂੰ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਦੇ ਨਾਲ ਹੀ ਖਬਰ ਸਾਹਮਣੇ ਆਈ ਹੈ ਕਿ 30 ਅਪ੍ਰੈਲ ਯਾਨੀ ਅੱਜ ਤੋਂ ਸ਼ਨੋਦੇਵੀ ਜਾਣ ਵਾਲੀਆਂ ਟਰੇਨਾਂ ਨੂੰ ਵੀ ਰੱਦ ਕਰ ਦਿੱਤਾ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਜਲੰਧਰ ਸਿਟੀ ਸਟੇਸ਼ਨ ਤੋਂ ਨਵੀਂ ਦਿੱਲੀ ਜਾਣ ਵਾਲੀ ਐਕਸਪ੍ਰੈੱਸ ਟਰੇਨ ਅਤੇ ਵੈਸ਼ਨੋ ਦੇਵੀ ਜਾਣ ਵਾਲੀ ਕਟੜਾ ਟਰੇਨ 30 ਅਪ੍ਰੈਲ ਨੂੰ ਨਹੀਂ ਚੱਲੇਗੀ, ਜਦਕਿ 100 ਤੋਂ ਵੱਧ ਟਰੇਨਾਂ ਦੇ ਰੂਟ ਡਾਇਵਰਟ ਕੀਤੇ ਗਏ।

## ਦੇਸ਼ ਦੇ ਨਵੇਂ ਜਲ ਸੈਨਾ ਮੁੱਖੀ ਬਣੇ ਦਿਨੇਸ਼ ਕੁਮਾਰ ਤ੍ਰਿਪਾਠੀ

ਦਿੱਲੀ , -ਐਡਮਿਰਲ ਦਿਨੇਸ਼ ਕੁਮਾਰ ਤ੍ਰਿਪਾਠੀ ਨੇ ਆਰ ਹਰੀ ਕੁਮਾਰ ਦੇ ਸੇਵਾਮੁਕਤ ਹੋਣ ਤੋਂ ਬਾਅਦ ਮੰਗਲਵਾਰ ਨੂੰ 26ਵੇਂ ਜਲ ਸੈਨਾ ਮੁਖੀ ਵਜੋਂ ਅਹੁਦਾ ਸੰਭਾਲ ਲਿਆ ਹੈ। ਤੁਹਾਨੂੰ ਦੱਸ ਦੇਈਏ ਕਿ ਦਿਨੇਸ਼ ਕੁਮਾਰ ਤ੍ਰਿਪਾਠੀ ਸੰਚਾਰ ਅਤੇ ਇਲੈਕਟ੍ਰਾਨਿਕ ਯੁੱਧ ਮਾਹਿਰ ਵੀ ਐਡਮਿਰਲ ਦਿਨੇਸ਼ ਕੁਮਾਰ ਤ੍ਰਿਪਾਠੀ ਨੇ ਨਵੇਂ ਜਲ ਸੈਨਾ ਮੁਖੀ ਦਾ ਅਹੁਦਾ ਸੰਭਾਲਿਆ, ਤੇ ਕਿਹਾ ਆਤਮ-ਨਿਰਭਰਤਾ' ਦੀ ਦਿਸ਼ਾ 'ਚ ਭਾਰਤੀ ਜਲ ਸੈਨਾ ਨੂੰ ਕਰਾਂਗੇ ਮਜ਼ਬੂਤ

## ਬਿਹਾਰ ਵਿਚ ਵਾਪਰੀਆਂ ਸੜਕ ਹਾਦਸਾ 6 ਦੀ ਮੌਤ ਤਿੰਨ ਜਖਮੀ

**ਭਾਗਲਪੁਰ**, - ਬਿਹਾਰ ਦੇ ਭਾਗਲਪੁਰ ਜ਼ਿਲ੍ਹੇ ਦੇ ਘੋਘਾ ਥਾਣਾ ਅਧੀਨ ਪੈਂਦੇ ਪਿੰਡ ਅਮਾਪੁਰ ਨੇੜੇ ਬੀਤੀ ਰਾਤ ਤੇਜ਼ ਰਫ਼ਤਾਰ ਟਰੱਕ ਬੇਕਾਬੂ ਹੋ ਕੇ ਜੀਪ 'ਤੇ ਪਲਟਣ ਕਾਰਨ ਜੀਪ ਵਿੱਚ ਸਵਾਰ ਛੇ ਵਿਅਕਤੀਆਂ ਦੀ ਮੌਤ ਹੋ ਗਈ, ਜਦੋਂ ਕਿ ਤਿੰਨ ਜ਼ਖ਼ਮੀ ਹੋ ਗਏ। ਜੀਪ ਵਿੱਚ ਸਵਾਰ ਵਿਅਕਤੀ ਵਿਆਹ ਸਮਾਗਮ ਵਿੱਚ ਸ਼ਾਮਲ ਹੋਣ ਜਾ ਰਹੇ ਸਨ। ਮ੍ਰਿਤਕਾਂ ਦੀ ਪਛਾਣ ਸਤਿਅਮ ਮੰਡਲ (32), ਸੰਚਿਤ ਕੁਮਾਰ (18), ਅਭਿਸ਼ੇਕ ਕੁਮਾਰ (12), ਪੰਕਜ ਕੁਮਾਰ ਸਿੰਘ (35), ਅਮਿਤ ਦਾਸ (16) ਅਤੇ ਪਰਿਮਲ ਦਾਸ (42) ਵਜੋਂ ਹੋਈ ਹੈ।

## ਤੇਜ਼ ਹਨੇਰੀ ਤੇ ਮੀਂਹ ਦੀ ਕਿਣਮਿਣ ਨੇ ਕਿਸਾਨਾਂ ਦੇ ਸਾਹ ਸੁਕਾਏ

ਗੁਰਦਾਸਪੁਰ, ਨਵਨੀਤ ਕੁਮਾਰ -ਮੰਗਲਵਾਰ ਦੇਰ ਰਾਤ ਸ਼ੁਰੂ ਹੋਈ ਮੀਂਹ ਦੀ ਕਿਣਮਿਣ ਨੇ ਮੰਡੀਆਂ ਵਿੱਚ ਪਈ ਕਣਕ ਕਾਰਨ ਆਰਤੀਆਂ ਤੇ ਕਿਸਾਨਾਂ ਦੇ ਸਾਹ ਸੂਤੇ ਹੋਏ ਹਨ। ਇੱਥੇ ਦੱਸਣ ਯੋਗ ਹੈ ਪਿਛਲੇ ਦਿਨਾਂ ਤੋਂ ਰੁਕ ਰੁਕ ਹੋ ਰਹੀ ਬਾਰਿਸ਼ ਤੇ ਗੜੇਮਾਰੀ ਹੋ ਰਹੀ ਹੈ ਜਦਕਿ ਮੰਡੀਆਂ ਵਿੱਚ ਕਣਕ ਦੇ ਅੰਬਾਰ ਲੱਗੇ ਹੋਏ ਹਨ।ਇਸ ਸਬੰਧੀ ਆੜ੍ਹਤੀਆਂ ਤੇ ਕਿਸਾਨਾਂ ਨੇ ਦੱਸਿਆ ਕਿ ਰੁਕ ਰੁਕ ਹੋ ਰਹੀ ਬਾਰਿਸ਼ ਕਾਰਨ ਕਣਕ ਦੀ ਭਰਾਈ ਅਤੇ ਲਿਫਟਿੰਗ ਪ੍ਰਭਾਵਿਤ ਹੋ ਰਹੀ ਹੈ । ਉਹਨਾਂ ਦੱਸਿਆ ਕਿ ਕਿਸਾਨਾਂ ਵੱਲੋਂ ਵੱਡੇ ਪੱਧਰ ਤੇ ਕਣਕ ਦੀ ਕਟਾਈ ਕਰ ਕੇ ਮੰਡੀਆਂ ਵਿੱਚ ਲਿਆਂਦੀ ਗਈ ਹੈ।

## ਕਲਯੁਗੀ ਪਿਤਾ ਦੀ ਕਰਤੂਤ ਕੋਰਟ ਨੇ ਸੁਣਾਈ ਸਜ਼ਾ

**ਕੇਰਲ**, -ਮਾਨਸਿਕ ਤੌਰ 'ਤੇ ਅਪਾਹਜ ਲੜਕੀ ਨਾਲ ਜਬਰ-ਜਨਾਹ, ਗਰਭਵਤੀ ਹੋਣ ਤੋਂ ਬਾਅਦ ਕਰਵਾਇਆ ਅਬਾਸ਼ਨ ; ਜੱਜ ਨੇ ਸੁਣਾਈ 106 ਸਾਲ ਦੀ ਸਜ਼ਾ

ਬੱਚੀ ਦਾ ਇਡੁੱਕੀ ਮੈਡੀਕਲ ਕਾਲਜ ਹਸਪਤਾਲ 'ਚ ਅਬਾਸ਼ਨ ਕਰਵਾਇਆ ਗਿਆ। ਇਸ ਤੋਂ ਬਾਅਦ ਲੜਕੀ ਦੇ ਮੈਡੀਕਲ ਨਮੂਨੇ ਅਤੇ ਮੁਲਜ਼ਮ ਦੇ ਅਬਾਸ਼ਨ ਕੀਤੇ ਭਰੂਣ ਦਾ ਡੀਐਨਏ ਟੈਸਟ ਕਰਵਾਇਆ ਗਿਆ, ਜਿਸ ਤੋਂ ਪਤਾ ਲੱਗਾ ਕਿ ਮੁਲਜ਼ਮ ਲੜਕੀ ਦੀ ਅਣਜੰਮੀ ਬੱਚੀ ਦਾ ਪਿਤਾ ਹੈ....

DIPS INSTITUTIONS
DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com ( dipsimt@gmail.com )
CONTACT : 95010-00697, 97806-00998

ਪੰਜਾਬ ਦੇ ਹਰ ਜਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# 22 ਬੱਚਿਆਂ ਨੇ ਪਾਸ ਕੀਤੀ ਸਕੂਲ ਆਫ਼ ਐਮੀਨੈਂਸ ਅਤੇ ਮੈਰੀਟੋਰੀਅਸ ਦਾਖ਼ਲਾ ਪ੍ਰੀਖਿਆ



ਬਟਾਲਾ- ਸਕੂਲ ਸਿੱਖਿਆ ਵਿਭਾਗ, ਪੰਜਾਬ ਵੱਲੋਂ ਕਰਵਾਈ ਗਈ ਸਕੂਲ ਆਫ਼ ਐਮੀਨੈਂਸ ਅਤੇ ਮੈਰੀਟੋਰੀਅਸ ਦਾਖ਼ਲਾ ਪ੍ਰੀਖਿਆ ਦਾ ਨਤੀਜਾ ਘੋਸ਼ਿਤ ਕਰ ਦਿੱਤਾ ਗਿਆ ਹੈ।

ਜਿਸ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸ਼ੇਖਪੁਰ ਦੇ 22 ਬੱਚਿਆਂ ਨੇ ਇਹ ਪ੍ਰੀਖਿਆ ਪਾਸ ਕਰਕੇ ਪੂਰੇ ਗੁਰਦਾਸਪੁਰ ਜ਼ਿਲ੍ਹੇ ਵਿੱਚ ਵੱਧ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀ ਹੋਣ ਦਾ ਮਾਣ ਹਾਸਲ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਮਨਜੀਤ ਸਿੰਘ ਸੰਧੂ ਨੇ ਦੱਸਿਆ ਕਿ ਇਹ 22 ਵਿਦਿਆਰਥੀ ਹੁਣ ਗਿਆਰਵੀਂ ਜਮਾਤ ਵਿੱਚ ਸਕੂਲ ਆਫ਼ ਐਮੀਨੈਂਸ ਅਤੇ ਮੈਰੀਟੋਰੀਅਸ ਦਾਖ਼ਲਾ ਲੈ ਸਕਦੇ ਹਨ। ਇਹ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀ ਜੈਦੀਪ ਸਿੰਘ,ਵੀਰਪਾਲ ਕੌਰ,ਸੁਖਵਿੰਦਰ ਕੁਮਾਰ,ਗੁਰਜੋਤ ਸਿੰਘ, ਸੁਖਪ੍ਰੀਤ ਸਿੰਘ ,ਸਮੀਰ ਸਿੰਘ,ਪ੍ਰਦੀਪ ਕੌਰ, ਲਕਸ਼ਮਣ ਸਿੰਘ , ਸ਼ਿਵਮ ਕੁਮਾਰ, ਮਹਿਕਪ੍ਰੀਤ ਕੌਰ, ਨਵਦੀਪ ਸਿੰਘ, ਕ੍ਰਿਸਟੀਨਾ,ਸੰਜਨਾ,ਸੁਖਮਨਜੀਤ ਕੌਰ, ਜਸ਼ਨਦੀਪ ਸਿੰਘ, ਰੋਸ਼ਨਦੀਪ ਸਿੰਘ, ਰਜਵੰਤ ਕੌਰ, ਗੁਰਕੀਰਤ ਸਿੰਘ, ਸੁਖਬੀਰ ਸਿੰਘ, ਕਿਰਨਜੀਤ ਕੌਰ, ਜਸਨਪ੍ਰੀਤ ਕੌਰ, ਮਹਿਕਪ੍ਰੀਤ ਕੌਰ ਹਨ। ਪ੍ਰਿੰਸੀਪਲ ਸੰਧੂ ਨੇ ਗਾਇਕ ਅਧਿਆਪਕ ਮਲਵਿੰਦਰ ਕੌਰ, ਗੁਰਪਾਲ ਸਿੰਘ ,ਭੁਪਿੰਦਰ ਸਿੰਘ, ਨਿਸ਼ਾ ਦੇਵੀ, ਸੰਦੀਪ ਬੰਮਰਾਹ, ਸੁਨੀਲ ਕੁਮਾਰ, ਕੋਮਲਪ੍ਰੀਤ ਸਿੰਘ, ਰਮਨਦੀਪ ਕੌਰ, ਬਿਕਰਮਜੀਤ ਕੌਰ, ਸੁਖਦੀਪ ਸਿੰਘ, ਰਜਨੀ, ਸਾਕਸ਼ੀ ਸੈਣੀ, ਅਮਨਪ੍ਰੀਤ ਕੌਰ, ਰਿਪਨਦੀਪ ਕੌਰ ਨੂੰ ਵਧਾਈ ਦਿੱਤੀ ਜਿਨ੍ਹਾਂ ਦੁਆਰਾ ਕੀਤੀ ਮਿਹਨਤ ਨਾਲ ਬੱਚਿਆਂ ਵੱਲੋਂ ਪ੍ਰੀਖਿਆ ਪਾਸ ਕੀਤੀ ਗਈ ਹੈ। ਇਸ ਦੌਰਾਨ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰ ਰਾਜੇਸ਼ ਕੁਮਾਰ ਸ਼ਰਮਾਂ ਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰ : ਲਖਵਿੰਦਰ ਸਿੰਘ ਵੱਲੋਂ ਇਸ ਪ੍ਰਾਪਤੀ ਲਈ ਮੁਬਾਰਕਬਾਦ ਦਿੱਤੀ।

# ਰਾਮਦੇਵ ਨੂੰ ਵੱਡਾ ਝਟਕਾ, ਸਰਕਾਰ ਵੱਲੋਂ ਆਯੁਰਵੇਦ ਅਤੇ ਫਾਰਮੇਸੀ ਦੇ 14 ਲਾਇਸੈਂਸ ਰੱਦ



ਨਵੀਂ ਦਿੱਲੀ- ਪਤੰਜਲੀ ਦੇ ਪ੍ਰਮੋਟਰਾਂ ਅਤੇ ਯੋਗ ਗੁਰੂ ਬਾਬਾ ਰਾਮਦੇਵ ਦੀਆਂ ਮੁਸੀਬਤਾਂ ਖਤਮ ਹੋਣ ਦੇ ਸੰਕੇਤ ਨਹੀਂ ਦਿਖ ਰਹੀਆਂ ਹਨ। ਪਹਿਲਾਂ ਸੁਪਰੀਮ ਕੋਰਟ ‘ਚ ਗੁੰਮਰਾਹਕੁੰਨ ਇਸ਼ਤਿਹਾਰਾਂ ਨੂੰ ਲੈ ਕੇ ਮਾਣਹਾਨੀ ਦਾ ਮਾਮਲਾ ਅਤੇ ਫਿਰ ਉਤਰਾਖੰਡ ਸਰਕਾਰ ਦੀ ਲਾਇਸੈਂਸਿੰਗ ਅਥਾਰਟੀ ਦੀ ਕਾਰਵਾਈ, ਜਿਸ ਨੇ ਇਨ੍ਹੀਂ ਦਿਨੀਂ ਰਾਮਦੇਵ ਅਤੇ ਬਾਲਕ੍ਰਿਸ਼ਨ ਦੀਆਂ ਮੁਸ਼ਕਿਲਾਂ ਵਧਾ ਦਿੱਤੀਆਂ ਹਨ।

ਮੀਡੀਆ ਰਿਪੋਰਟਾਂ ਮੁਤਾਬਿਕ, ਸੋਮਵਾਰ ਨੂੰ ਉੱਤਰਾਖੰਡ ਸਰਕਾਰ ਨੇ ਬਾਬਾ ਰਾਮਦੇਵ ਦੀ ਪਤੰਜਲੀ ਆਯੁਰਵੇਦ ਅਤੇ ਦਿਵਿਆ ਫਾਰਮੇਸੀ ਦੇ ਕਰੀਬ 14 ਉਤਪਾਦਾਂ ਦੇ ਲਾਇਸੈਂਸ ਰੱਦ ਕਰ ਦਿੱਤੇ। ਇਹ ਜਾਣਕਾਰੀ ਉੱਤਰਾਖੰਡ ਸਰਕਾਰ ਨੇ ਸੋਮਵਾਰ ਸ਼ਾਮ ਨੂੰ ਹਲਫਨਾਮਾ ਦਾਇਰ ਕਰਕੇ ਦਿੱਤੀ।

ਉੱਤਰਾਖੰਡ ਸਰਕਾਰ ਨੇ ਸੋਮਵਾਰ ਨੂੰ ਇਸ ਸਬੰਧ ‘ਚ ਪਾਬੰਦੀ ਦਾ ਹੁਕਮ ਵੀ ਜਾਰੀ ਕੀਤਾ ਹੈ। ਤੁਹਾਨੂੰ ਦੱਸ ਦੇਈਏ ਕਿ ਦਿਵਿਆ ਫਾਰਮੇਸੀ ਪਤੰਜਲੀ ਦੇ ਉਤਪਾਦਾਂ ਦਾ ਨਿਰਮਾਣ ਕਰਦੀ ਹੈ।

ਰਾਜ ਦੀ ਲਾਇਸੈਂਸਿੰਗ ਅਥਾਰਟੀ ਨੇ ਬਾਬੇ ਦੇ ਬਲੱਡ ਪ੍ਰੈਸ਼ਰ, ਜਿਗਰ, ਗਠੀਆ, ਸ਼ੂਗਰ ਅਤੇ ਬਲੱਡ ਪ੍ਰੈਸ਼ਰ ਦੇ ਇਲਾਜ ਲਈ ਵਰਤੀਆਂ ਜਾਣ ਵਾਲੀਆਂ 14 ਦਵਾਈਆਂ ਦਾ ਉਤਪਾਦਨ ਬੰਦ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਹ ਹੁਕਮ ਜ਼ਿਲ੍ਹੇ ਦੇ ਸਮੂਹ ਡਰੱਗ ਇੰਸਪੈਕਟਰਾਂ ਨੂੰ ਵੀ ਭੇਜ ਦਿੱਤੇ ਗਏ ਹਨ।

ਉੱਤਰਾਖੰਡ ਸਰਕਾਰ ਦੀ ਲਾਈਸੈਂਸਿੰਗ ਅਥਾਰਟੀ ਵਿੱਚ ਸ਼ਵਾਸਰੀ ਗੋਲਡ, ਸ਼ਵਾਸਰੀ ਵਤੀ, ਸ਼ਵਾਸਰੀ ਪ੍ਰਵਾਹੀ, ਸ਼ਵਾਸਰੀ ਅਵਲੇਹ, ਮੁਕਤਾ ਵਤੀ ਐਕਸਟਰਾ ਪਾਵਰ, ਲਿਪੀਡੋਮ, ਮਧੁਗ੍ਰਿਤ, ਬੀਪੀ ਗ੍ਰਿਟ, ਦ੍ਰਿਸ਼ਟੀ ਆਈ ਡ੍ਰੌਪ, ਆਈਗ੍ਰਿਟ ਗੋਲਡ, ਲਿਵਾਮ੍ਰਿਤ ਐਡਵਾਂਸ, ਮਧੁਨਾਸ਼ੀ ਵਾਟੀ ਵਰਗੇ ਉਤਪਾਦ ਸ਼ਾਮਲ ਹਨ।

ਤੁਹਾਨੂੰ ਦੱਸ ਦੇਈਏ ਕਿ ਸੁਪਰੀਮ ਕੋਰਟ ਨੇ ਹਾਲ ਹੀ ‘ਚ ਕੁਝ ਉਤਪਾਦਾਂ ਦੇ ਗੁੰਮਰਾਹਕੁੰਨ ਇਸ਼ਤਿਹਾਰਾਂ ਨੂੰ ਰੋਕਣ ਦੇ ਨਿਰਦੇਸ਼ਾਂ ਦਾ ਪਾਲਣ ਨਾ ਕਰਨ ‘ਤੇ ਰਾਮਦੇਵ ਦੀ ਆਲੋਚਨਾ ਕੀਤੀ ਹੈ।

# ਕਰੋਨਾ ਵੈਕਸੀਨ ਲਗਵਾਉਣ ਵਾਲਿਆਂ ਨੂੰ ਹਾਰਟ ਅਟੈਕ ਅਤੇ ਬ੍ਰੇਨ ਸਟ੍ਰੋਕ ਦਾ ਖ਼ਤਰਾ !

ਨਵੀਂ ਦਿੱਲੀ:- ਬ੍ਰਿਟਿਸ਼ ਫਾਰਮਾਸਿਊਟੀਕਲ ਕੰਪਨੀ Astra Zeneca ਨੇ ਮੰਨਿਆ ਹੈ ਕਿ ਇਸ ਦੀ ਕੋਵਿਡ-19 ਵੈਕਸੀਨ ਦੇ ਖਤਰਨਾਕ ਮਾੜੇ ਪ੍ਰਭਾਵ ਹੋ ਸਕਦੇ ਹਨ। The Telegraph (UK) ਦੀ ਰਿਪੋਰਟ ਮੁਤਾਬਕ ਐਸਟਰਾਜੇਨੇਕਾ ‘ਤੇ ਦੋਸ਼ ਹੈ ਕਿ ਉਨ੍ਹਾਂ ਦੇ ਟੀਕੇ ਕਾਰਨ ਕਈ ਲੋਕਾਂ ਦੀ ਮੌਤ ਹੋਈ ਹੈ। ਕਈਆਂ ਨੂੰ ਗੰਭੀਰ ਬਿਮਾਰੀਆਂ ਦਾ ਸਾਹਮਣਾ ਕਰਨਾ ਪਿਆ।



Covishield ਨਾਮ ਦੀ ਇੱਕ ਵੈਕਸੀਨ ਭਾਰਤ ਵਿੱਚ AstraZeneca ਦੇ ਫਾਰਮੂਲੇ ਦੀ ਵਰਤੋਂ ਕਰਕੇ ਬਣਾਈ ਗਈ ਸੀ। ਬ੍ਰਿਟਿਸ਼ ਹਾਈ ਕੋਰਟ ਨੂੰ ਸੌਂਪੇ ਗਏ ਦਸਤਾਵੇਜ਼ਾਂ ਵਿੱਚ, ਕੰਪਨੀ ਨੇ ਮੰਨਿਆ ਕਿ ਉਨ੍ਹਾਂ ਦੀ ਕੋਰੋਨਾ ਵੈਕਸੀਨ ਥ੍ਰੋਮੋਸਿਸ ਥ੍ਰੋਮੋਸਾਈਟੋਪੇਨੀਆ ਸਿੰਡਰੋਮ ਜਾਂ ਟੀਟੀਐਸ ਦਾ ਕਾਰਨ ਬਣ ਸਕਦੀ ਹੈ।

ਇਸ ਬਿਮਾਰੀ ਦੇ ਕਾਰਨ ਸਰੀਰ ਵਿੱਚ ਖ਼ੂਨ ਦੇ ਥੱਕੇ ਬਣ ਜਾਂਦੇ ਹਨ ਅਤੇ ਪਲੇਟਲੈਟਸ ਦੀ ਗਿਣਤੀ ਘੱਟ ਜਾਂਦੀ ਹੈ। ਇਸ ਕਾਰਨ ਹਾਰਟ ਅਟੈਕ ਅਤੇ ਸਟ੍ਰੋਕ (Heart Attack ਤੇ Brain Stroke) ਦਾ ਖ਼ਤਰਾ ਵੀ ਰਹਿੰਦਾ ਹੈ। ਕੰਪਨੀ ਖਿਲਾਫ ਹਾਈਕੋਰਟ ‘ਚ 51 ਮਾਮਲਿਆਂ ‘ਚ ਕੇਸ ਚੱਲ ਰਿਹਾ ਹੈ। ਪੀੜਤਾਂ ਨੇ ਐਸਟਰਾਜ਼ੇਨੇਕਾ ਤੋਂ ਕਰੀਬ 1 ਹਜ਼ਾਰ ਕਰੋੜ ਰੁਪਏ ਦੇ ਮੁਆਵਜ਼ੇ ਦੀ ਮੰਗ ਕੀਤੀ ਹੈ।

AstraZeneca ਨੇ ਆਕਸਫੋਰਡ ਯੂਨੀਵਰਸਿਟੀ ਦੇ ਸਹਿਯੋਗ ਨਾਲ ਆਪਣੀ ਵੈਕਸੀਨ ਤਿਆਰ ਕੀਤੀ ਹੈ। ਜੇਕਰ ਕੰਪਨੀ ਸੁਣਵਾਈ ਦੌਰਾਨ ਮੰਨ ਲੈਂਦੀ ਹੈ ਕਿ ਉਨ੍ਹਾਂ ਦੇ ਟੀਕੇ ਕਾਰਨ ਕਈ ਲੋਕਾਂ ਦੀ ਮੌਤ ਹੋਈ ਅਤੇ ਕਈਆਂ ਨੂੰ ਗੰਭੀਰ ਬੀਮਾਰੀਆਂ ਲੱਗੀਆਂ ਤਾਂ ਉਨ੍ਹਾਂ ‘ਤੇ ਭਾਰੀ ਜੁਰਮਾਨਾ ਲਗਾਇਆ ਜਾ ਸਕਦਾ ਹੈ। ਦਰਅਸਲ, ਅਪ੍ਰੈਲ 2021 ਵਿੱਚ, ਜੈਮੀ ਸਕੌਟ ਨਾਮ ਦੇ ਇੱਕ ਵਿਅਕਤੀ ਨੂੰ ਇਹ ਟੀਕਾ ਲਾਇਆ ਗਿਆ ਸੀ। ਇਸ ਤੋਂ ਬਾਅਦ ਉਸ ਦੀ ਹਾਲਤ ਵਿਗੜ ਗਈ। ਸਰੀਰ ਵਿੱਚ ਖ਼ੂਨ ਦੇ ਥੱਕੇ ਬਣਨ ਦਾ ਸਿੱਧਾ ਅਸਰ ਉਸ ਦੇ ਦਿਮਾਗ ‘ਤੇ ਪਿਆ। ਇਸ ਤੋਂ ਇਲਾਵਾ ਸਕਾਟ ਦੇ ਦਿਮਾਗ ਵਿਚ ਵੀ ਅੰਦਰੂਨੀ ਖ਼ੂਨ ਵਹਿ ਗਿਆ। ਰਿਪੋਰਟ ਮੁਤਾਬਕ ਡਾਕਟਰਾਂ ਨੇ ਉਸ ਦੀ ਪਤਨੀ ਨੂੰ ਕਿਹਾ ਕਿ ਉਹ ਸਕਾਟ ਨੂੰ ਨਹੀਂ ਬਚਾ ਸਕਣਗੇ। ਪਿਛਲੇ ਸਾਲ ਸਕਾਟ ਨੇ ਐਸਟਰਾਜ਼ੇਨੇਕਾ ਦੇ ਖਿਲਾਫ ਸ਼ਿਕਾਇਤ ਦਰਜ ਕਰਵਾਈ ਸੀ। ਮਈ 2023 ਵਿੱਚ, ਸਕਾਟ ਦੇ ਦੋਸ਼ਾਂ ਦੇ ਜਵਾਬ ਵਿੱਚ, ਕੰਪਨੀ ਨੇ ਦਾਅਵਾ ਕੀਤਾ ਕਿ ਉਨ੍ਹਾਂ ਦੀ ਵੈਕਸੀਨ ਟੀਟੀਐਸ ਦਾ ਕਾਰਨ ਨਹੀਂ ਬਣ ਸਕਦੀ। ਹਾਲਾਂਕਿ, ਇਸ ਸਾਲ ਫਰਵਰੀ ਵਿੱਚ ਹਾਈ ਕੋਰਟ ਵਿੱਚ ਪੇਸ਼ ਕੀਤੇ ਗਏ ਕਾਨੂੰਨੀ ਦਸਤਾਵੇਜ਼ਾਂ ਵਿੱਚ, ਕੰਪਨੀ ਨੇ ਇਸ ਦਾਅਵੇ ਨੂੰ ਵਾਪਸ ਲੈ ਲਿਆ ਸੀ।

AstraZeneca ਨੇ ਲਿਖਿਆ ਕਿ ਕੁਝ ਮਾਮਲਿਆਂ ਵਿੱਚ ਉਨ੍ਹਾਂ ਦਾ ਟੀਕਾ TTS ਦਾ ਕਾਰਨ ਬਣ ਸਕਦਾ ਹੈ। ਹਾਲਾਂਕਿ ਕੰਪਨੀ ਦੇ ਕੋਲ ਫਿਲਹਾਲ ਇਸ ਗੱਲ ਦੀ ਜਾਣਕਾਰੀ ਨਹੀਂ ਹੈ ਕਿ ਵੈਕਸੀਨ ‘ਚ ਇਸ ਬੀਮਾਰੀ ਦਾ ਕਾਰਨ ਕੀ ਹੈ। ਇਨ੍ਹਾਂ ਦਸਤਾਵੇਜ਼ਾਂ ਦੇ ਸਾਹਮਣੇ ਆਉਣ ਤੋਂ ਬਾਅਦ ਸਕਾਟ ਦੇ ਵਕੀਲ ਨੇ ਅਦਾਲਤ ਵਿੱਚ ਦਾਅਵਾ ਕੀਤਾ ਹੈ ਕਿ ਐਸਟਰਾਜ਼ੇਨੇਕਾ-ਆਕਸਫੋਰਡ ਵੈਕਸੀਨ ਵਿੱਚ ਖਾਮੀਆਂ ਹਨ ਅਤੇ ਇਸਦੀ ਪ੍ਰਭਾਵਸ਼ੀਲਤਾ ਬਾਰੇ ਗਲਤ ਜਾਣਕਾਰੀ ਦਿੱਤੀ ਗਈ ਸੀ।

ਵਿਗਿਆਨੀਆਂ ਨੇ ਪਹਿਲੀ ਵਾਰ ਮਾਰਚ 2021 ਵਿੱਚ ਇੱਕ ਨਵੀਂ ਬਿਮਾਰੀ, ਵੈਕਸੀਨ-ਪ੍ਰੇਰਿਤ ਇਮਿਊਨ ਥ੍ਰੋਂਬਸਿਸ ਥ੍ਰੋਮਬੋਸਾਈਟੋਪੇਨੀਆ ਸਿੰਡਰੋਮ (੭9“”) ਦੀ ਪਛਾਣ ਕੀਤੀ। ਪੀੜਤਾਂ ਨਾਲ ਜੁੜੇ ਵਕੀਲਾਂ ਨੇ ਦਾਅਵਾ ਕੀਤਾ ਹੈ ਕਿ ਵੀਆਈਟੀਟੀ ਅਸਲ ਵਿੱਚ ਟੀਟੀਐਸ ਦਾ ਇੱਕ ਉਪ ਸਮੂਹ ਹੈ। ਹਾਲਾਂਕਿ, AstraZeneca ਨੇ ਇਸ ਨੂੰ ਰੱਦ ਕਰ ਦਿੱਤਾ ਹੈ।

AstraZeneca ਨੇ ਕਿਹਾ, ਸਾਡੀ ਸੰਵੇਦਨਾ ਉਨ੍ਹਾਂ ਲੋਕਾਂ ਲਈ ਹੈ ਜਿਨ੍ਹਾਂ ਨੇ ਆਪਣੇ ਅਜ਼ੀਜ਼ਾਂ ਨੂੰ ਗੁਆ ਦਿੱਤਾ ਹੈ ਜਾਂ ਗੰਭੀਰ ਬਿਮਾਰੀਆਂ ਤੋਂ ਪੀੜਤ ਹਨ। ਮਰੀਜ਼ਾਂ ਦੀ ਸੁਰੱਖਿਆ ਸਾਡੀ ਤਰਜੀਹ ਹੈ। ਸਾਡੀ ਰੈਗੂਲੇਟਰੀ ਅਥਾਰਟੀ ਸਾਰੀਆਂ ਦਵਾਈਆਂ ਅਤੇ ਟੀਕਿਆਂ ਦੀ ਸੁਰੱਖਿਅਤ ਵਰਤੋਂ ਲਈ ਸਾਰੇ ਮਾਪਦੰਡਾਂ ਦੀ ਪਾਲਣਾ ਕਰਦੀ ਹੈ।

# ਪੰਜਾਬ ਦੇ ਮੁੱਖ ਚੋਣ ਅਧਿਕਾਰੀ ਵੱਲੋਂ ਵਟਸਐਪ ਚੈਨਲ ਜਾਰੀ, ਚੈਨਲ ਰਾਹੀਂ ਵੋਟਰ ਨਿਯਮਤ ਚੋਣ ਅਪਡੇਟ ਹਾਸਲ ਕਰ ਸਕਣਗੇ



ਗੁਰਦਾਸਪੁਰ-ਨਵਨੀਤ ਕੁਮਾਰ - ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਇੱਕ ਨਿਵੇਕਲਾ ਉਪਰਾਲਾ ਕਰਦਿਆਂ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਵੱਲੋਂ ਇੱਕ ਸਮਰਪਿਤ ਵਟਸਐਪ ਚੈਨਲ, 'ਮੁੱਖ ਚੋਣ ਅਧਿਕਾਰੀ, ਪੰਜਾਬ' ਦੀ ਸ਼ੁਰੂਆਤ ਕੀਤੀ ਗਈ ਹੈ। ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਟਸਐਪ ਚੈਨਲ ਦਾ ਉਦੇਸ਼ ਚੋਣਾਂ ਸੰਬੰਧੀ ਆਮ ਜਨਤਾ ਅਤੇ ਚੋਣ ਅਮਲ ਦੇ ਭਾਗੀਦਾਰਾਂ ਲਈ ਮਹੱਤਵਪੂਰਨ ਜਾਣਕਾਰੀ ਨੂੰ ਪ੍ਰਸਾਰਿਤ ਕਰਨਾ ਹੈ, ਜਿਸ ਵਿੱਚ ਚੋਣ ਪ੍ਰਕਿਰਿਆਵਾਂ, ਸਵੀਪ (ਸਿਸਟੇਮੈਟਿਕ ਵੋਟਰਜ਼ ਐਜੂਕੇਸ਼ਨ ਅਤੇ ਇਲੈਕਟੋਰਲ ਪਾਰਟੀਸੀਪੇਸ਼ਨ) ਗਤੀਵਿਧੀਆਂ, ਮਹੱਤਵਪੂਰਨ ਤਰੀਕਾਂ, ਵੱਖ-ਵੱਖ ਅੰਕੜੇ ਅਤੇ ਲੋਕ ਸਭਾ ਚੋਣਾਂ-2024 ਨਾਲ ਸਬੰਧਤ ਹੋਰ ਬਹੁਤ ਸਾਰੀਆਂ ਜਾਣਕਾਰੀਆਂ ਸ਼ਾਮਲ ਹਨ। ਇਸ ਤੋਂ ਇਲਾਵਾ ਇਹ ਚੈਨਲ 'ਇਸ ਵਾਰ 70 ਪਾਰ' ਦੇ ਟੀਚੇ ਦੀ ਪ੍ਰਾਪਤੀ ਲਈ ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਵੱਲੋਂ ਕੀਤੀਆਂ ਮਹੱਤਵਪੂਰਨ ਪਹਿਲਕਦਮੀਆਂ ਨੂੰ ਵੀ ਵੋਟਰਾਂ ਤੱਕ ਪੁੱਜਦਾ ਕਰੇਗਾ। ਉਨ੍ਹਾਂ ਦੱਸਿਆ ਕਿ ਇਸ ਵਟਸਐਪ ਚੈਨਲ ਦਾ ਲਿੰਕ https://whatsapp.com/channel/@@BIVaXAfbpBIGECFNZLBG@B ਹੈ। ਇਹ ਉਪਰਾਲਾ ਜਨਤਕ ਸ਼ਮੂਲੀਅਤ ਲਈ ਤਕਨਾਲੋਜੀ ਦਾ ਲਾਭ ਉਠਾਉਣ ਲਈ ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਦੇ ਪਹਿਲਾਂ ਤੋਂ ਜਾਰੀ ਯਤਨਾਂ ਦਾ ਹਿੱਸਾ ਹੈ। ਜ਼ਿਲ੍ਹਾ ਚੋਣ ਅਧਿਕਾਰੀ ਨੇ ਦੱਸਿਆ ਕਿ ਜਾਣਕਾਰੀ ਅਤੇ ਹੋਰ ਗਤੀਵਿਧੀਆਂ ਦਾ ਪ੍ਰਸਾਰ ਕਰਨ ਅਤੇ ਵੋਟਰਾਂ ਦੇ ਸਵਾਲਾਂ ਦਾ ਜਵਾਬ ਦੇਣ ਲਈ ਇਸ ਤੋਂ ਪਹਿਲਾਂ ਮੁੱਖ ਚੋਣ ਅਧਿਕਾਰੀ ਵੱਲੋਂ ਨਿਯਮਤ ਪੋਡਕਾਸਟ ਸ਼ੁਰੂ ਕੀਤਾ ਗਿਆ ਹੈ ਅਤੇ "ਫੇਸਬੁੱਕ ਲਾਈਵ" ਸੈਸ਼ਨ ਵੀ ਕਰਵਾਏ ਜਾ ਰਹੇ ਹਨ। ਜ਼ਿਕਰਯੋਗ ਹੈ ਕਿ ਮੁੱਖ ਚੋਣ ਅਧਿਕਾਰੀ ਦੇ ਦਫ਼ਤਰ ਵੱਲੋਂ 'TheCEOPunjab ਹੈਂਡਲ ਨਾਲ ਫੇਸਬੁੱਕ, ਐਕਸ, ਇੰਸਟਾਗ੍ਰਾਮ ਅਤੇ ਯੂਟਿਊਬ ਚੈਨਲ ਵੀ ਚਲਾਏ ਜਾ ਰਹੇ ਹਨ।

ਜ਼ਿਲ੍ਹਾ ਚੋਣ ਅਧਿਕਾਰੀ ਨੇ ਵਟਸਐਪ ਵਰਤਣ ਵਾਲੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਲੋਕ ਸਭਾ ਚੋਣਾਂ 2024 ਬਾਰੇ ਨਿਯਮਤ ਅਤੇ ਪ੍ਰਮਾਣਿਕਅੱਪਡੇਟ ਪ੍ਰਾਪਤ ਕਰਨ ਲਈ ਅਧਿਕਾਰਤ ਚੈਨਲ ਨਾਲ ਜੁੜਨ। ਇਸ ਤੋਂ ਇਲਾਵਾ ਉਨ੍ਹਾਂ ਨੇ ਵਟਸਐਪ ਵਰਤਣ ਵਾਲਿਆਂ ਨੂੰ ਵੱਧ ਤੋਂ ਵੱਧ ਜਾਗਰੂਕਤਾ ਪੈਦਾ ਕਰਨ ਲਈ ਇਸ ਚੈਨਲ ਦੀ ਜਾਣਕਾਰੀ ਨੂੰ ਹੋਰ ਸਮੂਹਾਂ ਵਿੱਚ ਸਾਂਝਾ ਕਰਨ ਦੀ ਅਪੀਲ ਵੀ ਕੀਤੀ ਹੈ।




# ਲਾਇਨਜ਼ ਕਲੱਬ ਖਰੜ ਸਿਟੀ ਨੂੰ ਪੰਜ ਐਵਾਰਡ ਦੇ ਕੇ ਕੀਤਾ ਸਨਮਾਨਿਤ

ਖਰੜ,30 ਅਪ੍ਰੈਲ,ਲੋਕ ਬਾਣੀ ( ਕਾਲਾ ਸਿੰਘ ਸੈਣੀ )- ਲਾਇਨਜ਼ ਇੰਟਰਨੈਸ਼ਨਲ ਡਿਸਟ੍ਰਿਕਟ 321 ਐਫ ਦੇ ਰਿਜ਼ਨ 13 ਦੇ ਚੇਅਰਪਰਸਨ ਐਮ.ਜੇ.ਐਫ.ਲਾਈਨ ਬਲਦੇਵ ਨਾਰੰਗ ਦੀ ਅਗਵਾਈ ਵਿਚ ਕਲਾ ਗਰਾਮ ਚੰਡੀਗੜ੍ਹ ਵਿਖੇ ਲਾਇਨਜ਼ ਕਲੱਬਾਂ ਦੀ ਸਮਾਜ ਸੇਵਾ ਪ੍ਰਤੀ ਕਾਰਜ਼ਗਾਰੀ ਨੂੰ ਵੇਖਦੇ ਹੋਏ ਐਵਾਰਡ ਦੇਣ ਲਈ 'ਸਬਰ 2024' ਦੇ ਬੈਨਰ ਥੱਲੇ ਸਮਾਗਮ ਕਰਵਾਇਆ ਗਿਆ। ਸਮਾਗਮ ਵਿਚ ਮੁੱਖ ਮਹਿਮਾਨ ਡਿਸਟ੍ਰਿਕਟ ਗਵਰਨਰ ਜੀ.ਐਸ.ਕਾਲੜਾ ਸਨ ਜਦਕਿ ਵਾਈਸ ਡਿਸਟ੍ਰਿਕਟ ਗਵਰਨਰ-1ਲਾਈਨ ਰਵਿੰਦਰ ਸੱਗੜ,ਵਾਈਸ ਡਿਸਟ੍ਰਿਕਟ ਗਵਰਨਰ-2 ਅਮ੍ਰਿਤਪਾਲ ਸਿੰਘ ਜੰਡੂ, ਪੀ.ਜੀ.ਡੀ.ਡਾ.ਰਣਵੀਰ ਉਪੱਲ ਗੈਸਟ ਆਫ ਆਨਰ ਸਨ। ਇਸ ਸਮਾਗਮ ਵਿਚ ਰਿਜਨ-13 ਤੱਕ ਆਉਣ ਵਾਲੇ ਕਲੱਬਾਂ ਦੇ ਪ੍ਰਧਾਨ, ਸਕੱਤਰ, ਖਜਾਨਚੀ ਸਮੇਤ ਬਾਕੀ ਅਹੁੱਦੇਦਾਰਾਂ ਅਤੇ ਪੀ.ਡੀ.ਜੀ.,ਚੇਅਰਪਰਸਨ ਸਮੇਤ ਮੈਂਬਰਾਂ ਨੇ ਵੀ ਸ਼ਮੂਲੀਅਤ ਕੀਤੀ। ਸਮਾਗਮ ਵਿਚ ਲਾਇਨਜ਼ ਕਲੱਬ ਖਰੜ ਸਿਟੀ ਵਲੋਂ ਆਪਣੇ ਖੇਤਰ ਦੇ ਪੈਂਦੇ ਖੇਤਰਾਂ ਵਿਚ ਖੂਨਦਾਨ ਕੈਂਪ, ਗਰੀਬ ਬੱਚਿਆਂ ਨੂੰ ਸਕੂਲ ਦੀਆਂ ਵਰਦੀਆਂ, ਸਕੂਲਾਂ ਦੇ ਵਿਦਿਆਰਥੀਆਂ ਸਟੇਸ਼ਨਰੀ, ਰਲੀਵਿੰਗ ਹੰਗਰ ਪ੍ਰੋਜੈਕਟਾਂ ਸਮੇਤ ਹੋਰ ਪ੍ਰੋਜੈਕਟ ਕਰਨ ਤੇ ਪੰਜ ਐਵਾਰਡ ਦੇ ਕੇ ਕਲੱਬ ਦੇ ਪ੍ਰਧਾਨ ਲਾਈਨ ਸੰਜੀਵ ਕੁਮਾਰ ਗਰਗ, ਖਜਾਨਚੀ ਗੁਰਮੁੱਖ ਸਿੰਘ ਮਾਨ, ਪਰਮਪ੍ਰੀਤ ਸਿੰਘ, ਹਰਬੰਸ ਸਿੰਘ, ਸਾਹਿਲ ਕੋਹਲੀ ਨੂੰ ਦੇ ਕੇ ਸਨਮਾਨਿਤ ਕੀਤਾ ਗਿਆ। ਮੁੱਖ ਮਹਿਮਾਨ ਅਤੇ ਗੈਸਟ ਆਫ ਆਨਰਾਂ ਮਹਿਮਾਨਾਂ ਵਲੋਂ ਲਾਇਨਜ਼ ਕਲੱਬ ਖਰੜ ਸਿਟੀ ਵਲੋਂ ਕੀਤੇ ਗਏ ਸਮਾਜ ਸੇਵੀ ਕੰਮਾਂ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਕਲੱਬ ਵਲੋਂ ਹਮੇਸ਼ਾ ਸਮਾਜ ਸੇਵੀ ਕੰਮਾਂ ਵਿਚ ਵੱਧ ਚੜ੍ਹ ਕੇ ਕੰਮ ਕੀਤਾ ਹੈ ਅਤੇ ਕਲੱਬ ਦੇ ਸਾਰੇ ਮੈਂਬਰ ਵਧਾਈ ਦੇ ਪਾਤਰ ਹਨ।

# ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਵੱਲੋਂ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਦਾ ਦੌਰਾ




ਗੁਰਦਾਸਪੁਰ- ਨਵਨੀਤ ਕੁਮਾਰ - ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਵੱਲੋਂ ਅੱਜ ਡੇਰਾ ਬਾਬਾ ਨਾਨਕ ਵਿਖੇ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਲੈਂਡਪੋਰਟ ਅਥਾਰਟੀ ਵੱਲੋਂ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਦੇ ਜੀ.ਐੱਮ. ਸ੍ਰੀ ਟੀ.ਆਰ. ਸ਼ਰਮਾ, ਸਹਾਇਕ ਮੈਨੇਜਰ ਸ੍ਰੀ ਮਨਜੀਤ ਸਿੰਘ ਅਤੇ ਬੀ.ਐੱਸ.ਐੱਫ਼ ਦੇ ਕਮਾਂਡੈਂਟ ਸ. ਐੱਸ.ਐੱਸ. ਗਰਚਾ ਵੱਲੋਂ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਦਾ ਸਵਾਗਤ ਕੀਤਾ ਗਿਆ। ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਇਸ ਮੌਕੇ ਲੈਂਡਪੋਰਟ ਅਥਾਰਿਟੀ ਦੇ ਅਧਿਕਾਰੀਆਂ ਕੋਲੋਂ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਦੀ ਕਾਰਜਵਿਧੀ, ਸ਼ਰਧਾਲੂਆਂ ਦੀ ਸਹੂਲਤ ਲਈ ਕੀਤੇ ਪ੍ਰਬੰਧਾਂ, ਇਮੀਗਰੇਸ਼ਨ ਅਤੇ ਹੋਰ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਉਨ੍ਹਾਂ ਨੇ ਜ਼ੀਰੋ ਲਾਈਨ ਦੇ ਕੋਲ ਜਾ ਕੇ ਸੁਰੱਖਿਆ ਪ੍ਰਬੰਧਾਂ ਦਾ ਜਾਇਜਾ ਵੀ ਲਿਆ। ਇਸੇ ਦੌਰਾਨ ਉਨ੍ਹਾਂ ਨੇ ਪਾਕਿਸਤਾਨ ਨਾਲ ਜੁੜਦੇ ਪੁਲ ਦਾ ਨਿਰਮਾਣ ਦਾ ਨਿਰੀਖਣ ਵੀ ਕੀਤਾ।

ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਕਿਹਾ ਕਿ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਅਮਨ ਦਾ ਉਹ ਲਾਂਘਾ ਹੈ ਜੋ ਸ਼ਰਧਾਲੂਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਦਾ ਮੌਕਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਭਾਰਤ-ਪਕਿਸਤਾਨ ਸਰਕਾਰਾਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550ਵੇਂ ਪ੍ਰਕਾਸ਼ ਪੁਰਬ ਮੌਕੇ ਸੰਗਤਾਂ ਲਈ ਇਹ ਕੋਰੀਡੋਰ ਖੋਲਿਆ ਗਿਆ ਸੀ ਤਾਂ ਜੋ ਭਾਰਤੀ ਸ਼ਰਧਾਲੂ ਸਰਹੱਦ ਪਾਰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਖੁੱਲ੍ਹੇ ਦਰਸ਼ਨ ਦੀਦਾਰ ਕਰ ਸਕਣ। ਡਿਪਟੀ ਕਮਿਸ਼ਨਰ ਸ੍ਰੀ ਵਿਸ਼ੇਸ਼ ਸਾਰੰਗਲ ਨੇ ਦੱਸਿਆ ਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਦੇ ਚਾਹਵਾਨ ਭਾਰਤੀ ਸ਼ਰਧਾਲੂ ਅਤੇ ਓ.ਸੀ.ਆਈ. ਕਾਰਡ ਧਾਰਕ ਪ੍ਰਵਾਸੀ ਭਾਰਤੀ ਸ਼ਰਧਾਲੂ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਵੱਲੋਂ ਚਲਾਈ ਜਾ ਰਹੀ ਵੈੱਬਸਾਈਟ https://prakashpurbEE@.mha.gov.in/kpr/ ਉੱਪਰ ਆਨ ਲਾਈਨ ਅਪਲਾਈ ਕਰ ਸਕਦੇ ਹਨ।ਉਨ੍ਹਾਂ ਕਿਹਾ ਕਿ ਅਪਲਾਈ ਕਰਨ ਤੋਂ ਬਾਅਦ ਗ੍ਰਹਿ ਮੰਤਰਾਲੇ ਵੱਲੋਂ ਯਾਤਰੂ ਨੂੰ ਈ-ਮੇਲ ਰਾਹੀਂ ਇਲੈਕਟ੍ਰਾਨਿਕ ਟਰੈਵਲ ਆਥੋਰਾਈਜੇਸ਼ਨ (ਈ .ਟੀ.ਏ.) ਭੇਜੀ ਜਾਂਦੀ ਹੈ ਅਤੇ ਯਾਤਰੂ ਨਿਰਧਾਰਤ ਮਿਤੀ ਵਾਲੇ ਦਿਨ ਆਪਣਾ ਪਾਸਪੋਰਟ, ਈ.ਟੀ.ਏ. ਅਤੇ 72 ਘੰਟੇ ਤੋਂ ਘੱਟ ਪੁਰਾਣੀ ਕੋਰੋਨਾ ਟੈਸਟ ਨੈਗੇਟਿਵ ਰਿਪੋਰਟ ਲੈ ਕੇ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਵਿਖੇ ਪਹੁੰਚ ਸਕਦੇ ਹਨ। ਉਨ੍ਹਾਂ ਕਿਹਾ ਕਿ ਪਾਕਿਸਤਾਨ ਸਰਕਾਰ ਵੱਲੋਂ 20 ਅਮਰੀਕੀ ਡਾਲਰ ਦੀ ਫੀਸ ਲਈ ਜਾਂਦੀ ਹੈ ਜੋ ਸ਼ਰਧਾਲੂ ਨੂੰ ਪਾਕਿਸਤਾਨ ਅਥਾਰਟੀ ਕੋਲ ਜਮ੍ਹਾਂ ਕਰਵਾਉਣੀ ਪੈਂਦੀ ਹੈ। ਉਨ੍ਹਾਂ ਕਿਹਾ ਕਿ ਯਾਤਰੂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਕੰਪਲੈਕਸ ਤੋਂ ਬਾਹਰ ਨਹੀਂ ਜਾ ਸਕਦੇ ਅਤੇ ਉਨ੍ਹਾਂ ਨੂੰ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਕੇ ਉਸੇ ਦਿਨ ਵਾਪਸ ਭਾਰਤ ਆਉਣਾ ਪੈਂਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਯਾਤਰੂ ਆਪਣੇ ਨਾਲ ਕੇਵਲ ਇੱਕ ਹੀ ਬੈਗ ਲਿਜਾ ਸਕਦੇ ਹਨ ਜੋ 7 ਕਿਲੋਂ ਤੋਂ ਭਾਰੀ ਨਹੀਂ ਹੋਣਾ ਚਾਹੀਦਾ। ਕਰੰਸੀ ਲਿਜਾਣ ਸਮੇਂ ਭਾਰਤੀ ਰਿਜ਼ਰਵ ਬੈਂਕ ਦੀਆਂ ਹਦਾਇਤਾਂ ਦੀ ਪਾਲਣਾ ਕਰਨੀ ਲਾਜ਼ਮੀ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਹੜੇ ਸ਼ਰਧਾਲੂ ਪਾਸਪੋਰਟ ਨਾ ਹੋਣ ਕਾਰਨ ਜਾਂ ਕਿਸੇ ਹੋਰ ਕਾਰਨ ਕਰਕੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਨਹੀਂ ਜਾ ਸਕਦੇ ਉਨ੍ਹਾਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਰਸ਼ਨ ਸਥੱਲ ਉੱਪਰ ਦੋ ਵਿਸ਼ੇਸ਼ ਦੂਰਬੀਨਾਂ ਸਥਾਪਤ ਕੀਤੀਆਂ ਗਈਆਂ ਹਨ ਜਿਨ੍ਹਾਂ ਰਾਹੀਂ ਸ਼ਰਧਾਲੂ ਸਰਹੱਦ ਉੱਪਰ ਖੜ੍ਹੇ ਹੋ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰ ਸਕਦੇ ਹਨ। ਇਸ ਮੌਕੇ ਉਨ੍ਹਾਂ ਦੇ ਨਾਲ ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਸ੍ਰੀ ਹਰਦੀਪ ਸਿੰਘ, ਤਹਿਸੀਲਦਾਰ ਸ. ਲਖਵਿੰਦਰ ਸਿੰਘ, ਨਾਇਬ ਤਹਿਸੀਲਦਾਰ ਸ੍ਰੀ ਅਰਮਾਨਦੀਪ ਸਿੰਘ ਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਸਿਹਤ ਸੰਭਾਲ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਵਚਨਬੱਧ: ਡਾਇਰੈਕਟਰ ਡਾ. ਅਨਿਲ ਗੋਇਲ

## ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਡਾਇਰੈਕਟਰ ਡਾ. ਅਨਿਲ ਗੋਇਲ ਵੱਲੋਂ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦਾ ਦੌਰਾ

ਸਹੀਦ ਭਗਤ ਸਿੰਘ ਨਗਰ 30 ਅਪ੍ਰੈਲ – ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ (ਪੀ.ਐੱਚ.ਐੱਸ.ਸੀ.) ਦੇ ਡਾਇਰੈਕਟਰ ਡਾ. ਅਨਿਲ ਗੋਇਲ ਨੇ ਅੱਜ ਜ਼ਿਲ੍ਹੇ ਵਿੱਚ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦਾ ਦੌਰਾ ਕੀਤਾ।ਚੰਡੀਗੜ੍ਹ ਤੋਂ ਵਿਸ਼ੇਸ਼ ਤੌਰ 'ਤੇ ਇੱਥੇ ਪਹੁੰਚੇ ਡਾਇਰੈਕਟਰ ਡਾ. ਅਨਿਲ ਗੋਇਲ ਨੇ ਸਿਵਲ ਸਰਜਨ ਡਾ. ਜਸਪ੍ਰੀਤ ਕੌਰ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਪ੍ਰੀਤ ਸਿੰਘ, ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ ਸਮੇਤ ਹੋਰਨਾਂ ਉੱਚ ਅਧਿਕਾਰੀਆਂ ਨਾਲ ਸਿਹਤ ਸੇਵਾਵਾਂ ਨੂੰ ਲੈ ਕੇ ਵਿਸ਼ੇਸ਼ ਵਿਚਾਰ–ਚਰਚਾ ਵੀ ਕੀਤੀ।ਡਾ. ਅਨਿਲ ਗੋਇਲ ਨੇ ਦੱਸਿਆ ਕਿ ਉਨ੍ਹਾਂ ਦੇ ਇਸ ਦੌਰੇ ਦਾ ਮੰਤਵ ਆਮ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਉਪਲਬੱਧ ਕਰਵਾਉਣ ਲਈ ਉਚਿੱਤ ਉਪਰਾਲੇ ਕਰਨਾ ਹੈ।ਉਨ੍ਹਾਂ ਨੇ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਵਿਖੇ ਲੇਬਰ ਰੂਮ, ਐਮਰਜੈਂਸੀ ਸੇਵਾਵਾਂ, +ਓਟ ਸੇਵਾਵਾਂ, ਆਈ.ਸੀ.ਯੂ. ਵਾਰਡ ਆਦਿ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ।ਇਸ ਮੌਕੇ ਉਨ੍ਹਾਂ ਗਰਭਵਤੀ ਔਰਤਾਂ ਨੂੰ ਨਵੀਆਂ ਮਾਵਾਂ ਸਮੇਤ ਹੋਰਨਾ ਮਰੀਜ਼ਾਂ ਦਾ ਹਾਲਚਾਲ ਵੀ ਪੁੱਛਿਆ ਅਤੇ ਉਨ੍ਹਾਂ ਨੂੰ ਮਿਲ ਰਹੀਆਂ ਸਿਹਤ ਸਹੂਲਤਾਂ ਬਾਰੇ ਵੀ ਉਨ੍ਹਾਂ ਤੋਂ ਜਾਣਕਾਰੀ ਲਈ।




ਉਨ੍ਹਾਂ ਜ਼ਿਲ੍ਹਾ ਹਸਪਤਾਲ ਵੱਲੋ ਪ੍ਰਦਾਨ ਕੀਤੀਆਂ ਜਾ ਰਹੀਆਂ ਸਿਹਤ ਸੇਵਾਵਾਂ 'ਤੇ ਤਸੱਲੀ ਪ੍ਰਗਟਾਈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਆਮ ਲੋਕਾਂ ਨੂੰ ਪਹਿਲੇ ਦਰਜੇ ਦੀਆ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਦਨਜ਼ਰ ਜ਼ਿਲ੍ਹਾ ਹਸਪਤਾਲਾਂ ਨੂੰ ਹੋਰ ਮਜ਼ਬੂਤ ਬਣਾਉਣ ਦੀ ਦਿਸ਼ਾ ਵਿਚ ਕੰਮ ਕਰ ਰਿਹਾ ਹੈ।ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰੀ ਸਿਹਤ ਸੰਸਥਾਵਾਂ ਵਿਚ ਪੇਸ਼ ਆ ਰਹੀਆਂ ਮੁਸ਼ਕਿਲਾਂ ਨੂੰ ਜਲਦ ਹੀ ਹੱਲ ਕੀਤਾ ਜਾਵੇਗਾ। ਇਸ ਮੌਕੇ ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਨੇ ਡਾਇਰੈਕਟਰ ਸਾਹਿਬ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰਨ 'ਚ ਸਿਵਲ ਹਸਪਤਾਲ ਦੀਆਂ ਪ੍ਰਾਪਤੀਆਂ ਬਾਰੇ ਵੀ ਉਨ੍ਹਾਂ ਨੂੰ ਜਾਣੂ ਕਰਵਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਪ੍ਰੀਤ ਸਿੰਘ, ਸੀਨੀਅਰ ਮੈਡੀਕਲ ਅਫ਼ਸਰ, ਡਾ. ਸਤਵਿੰਦਰਪਾਲ ਸਿੰਘ, ਡਾ ਗੁਰਪਾਲ ਕਟਾਰੀਆ, ਡਾ. ਰਾਜਨ ਸਾਸ਼ਤਰੀ, ਡਾ ਮਨਪ੍ਰੀਤ ਕੌਰ, ਨਰਸਿੰਗ ਸਿਸਟਰ ਸਤਵਿੰਦਰ ਕੌਰ, ਏ ਐੱਚ ਏ ਪੂਜਾ ਤੇ ਜ਼ਿਲ੍ਹਾ ਅੰਕੜਾ ਅਫ਼ਸਰ ਨੀਰਜ ਕੁਮਾਰ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਮੌਜੂਦ ਸਨ।

## ਸਰਕਾਰੀ ਸਕੂਲ ਧਰਮਕੋਟ ਦੀ ਵਿਦਿਆਰਥਣ ਤਨੀਸ਼ਾ ਨੇ 12ਵੀ ਜਮਾਤ ਦੀ ਮੈਰਿਟ ਵਿੱਚ ਕੀਤਾ ਨਾਮ ਦਰਜ




ਕੋਟ ਈਸੇ ਖਾਂ (ਅਰੋੜਾ) ਸ.ਕੰ.ਸ.ਸ.ਸ. ਧਰਮਕੋਟ ਦੀਆਂ ਵਿਦਿਆਰਥਣਾਂ ਹਮੇਸ਼ਾ ਹੀ ਅਕਾਦਮਿਕ ਅਤੇ ਸਹਿ ਅਕਾਦਮਿਕ ਪ੍ਰਾਪਤੀਆਂ ਰਾਹੀਂ ਸਕੂਲ ਦਾ ਨਾਂ ਪੰਜਾਬ ਪੱਧਰ 'ਤੇ ਰੋਸ਼ਨ ਕਰਦੀਆਂ ਰਹੀਆਂ ਹਨ। ਸਕੂਲ ਲਈ ਬਹੁਤ ਹੀ ਮਾਣ ਦੀ ਗੱਲ ਹੈ ਕਿ ਤਨੀਸ਼ਾ ਰਾਣੀ ਪੁੱਤਰੀ ਸ਼੍ਰੀ ਤੀਰਥ ਰਾਮ ਨੇ ਬਾਰਵੀਂ ਜਮਾਤ ਦੀ ਪ੍ਰੀਖਿਆ ਦੇ ਐਲਾਨੇ ਨਤੀਜੇ ਵਿੱਚ ਪੰਜਾਬ ਪੱਧਰ ਤੇ 14ਵਾਂ ਰੈਂਕ ਪ੍ਰਾਪਤ ਕਰਕੇ ਸਕੂਲ ਦਾ, ਮਾਪਿਆਂ ਦਾ ਅਤੇ ਸਮੂਹ ਧਰਮਕੋਟ ਨਿਵਾਸੀਆਂ ਦਾ ਨਾਂ ਰੌਸ਼ਨ ਕੀਤਾ। ਸਕੂਲ ਇਂਚਾਰਜ ਸ.ਇੰਦਰਜੀਤ ਸਿੰਘ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਇੰਸ ਗਰੁੱਪ ਦੀ ਵਿਦਿਆਰਥਣ ਤਨੀਸ਼ਾ ਰਾਣੀ ਨੇ 500 ਅੰਕਾਂ ਵਿੱਚੋਂ 487 ਅੰਕ ਪ੍ਰਾਪਤ ਕਰਕੇ ਮੈਰਿਟ ਸੂਚੀ ਵਿਚ ਆਪਣਾ ਨਾਂ ਦਰਜ ਕਰਵਾਇਆ।ਡੀ.ਡੀ.ਓ. ਪ੍ਰਿੰਸੀਪਲ ਸ਼੍ਰੀਮਤੀ ਮੰਜੂ, ਸਕੂਲ ਇਂਚਾਰਜ ਸ.ਇੰਦਰਜੀਤ ਸਿੰਘ ਅਤੇ ਸਮੂਹ ਸਕੂਲ ਸਟਾਫ ਨੇ ਤਨੀਸ਼ਾ ਰਾਣੀ ਨੂੰ ਵਧਾਈ ਦਿੰਦਿਆਂ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਆੜੂ ਦੇ ਬਾਗਾਂ ਨੂੰ ਫਲ ਦੀ ਮੱਖੀ ਤੋਂ ਬਚਾਉਣਾ ਬਹੁਤ ਜਰੂਰੀ :- ਡਿਪਟੀ ਕਮਿਸ਼ਨਰ

ਸਹੀਦ ਭਗਤ ਸਿੰਘ ਨਗਰ 30 ਅਪ੍ਰੈਲ – ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਆੜੂ ਦੇ ਬਾਗਾਂ ਹੇਠ ਤਕਰੀਬਨ 564 ਹੈਕ. ਰਕਬਾ ਹੈ। ਜਿਥੇ 10496 ਮੀ.ਟਨ ਪੈਦਾਵਾਰ ਹੋ ਰਹੀ ਹੈ। ਡਿਪਟੀ ਕਮਿਸ਼ਨਰ, ਸ਼ਹੀਦ ਭਗਤ ਸਿੰਘ ਨਗਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਬਾਗਬਾਨੀ ਅਧਿਕਾਰੀਆਂ ਨਾਲ ਵਿਚਾਰ ਵਟਾਂਦਰਾ ਕਰਨ ਉਪਰੰਤ ਕਿਸਾਨਾਂ ਨੂੰ ਸਲਾਹ ਦਿੱਤੀ ਗਈ ਕਿ ਆੜੂ ਦੇ ਬਾਗਾਂ ਵਿੱਚ ਹਰ ਸਾਲ ਫਲ ਦੀ ਮੱਖੀ ਦਾ ਹਮਲਾ ਮਈ ਦੇ ਸ਼ੁਰੂ ਤੋਂ ਲੈ ਕੇ ਫਲ ਖਤਮ ਹੋਣ ਤੱਕ ਰਹਿੰਦਾ ਹੈ। ਪੱਕਣ ਤੇ ਆਏ ਫਲਾਂ ਵਿੱਚ ਛੇਦ ਕਰਕੇ ਇਹ ਮੱਖੀ ਆਂਡੇ ਦਿੰਦੀ ਹੈ। ਬੱਚੇ ਫਲਾਂ ਵਿੱਚ ਵੱਧਦੇ ਫੁੱਲਦੇ ਹਨ ਜਿਸ ਕਾਰਨ ਫਲ ਦੇ ਹਮਲੇ ਵਾਲਾ ਹਿੱਸਾ ਗਲ੍ਹ ਜਾਂਦਾ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਫਲ ਦੀਆਂ ਮੱਖੀਆਂ ਦੀ ਰੋਕਥਾਮ ਲਈ ਆੜੂ ਬਾਗਾਂ ਵਿੱਚ ਮਈ ਦੇ ਪਹਿਲੇ ਹਫਤੇ ਪੀ.ਏ.ਯੂ ਨੇ ਫਰੂਟ ਫਲਾਈ ਟਰੈਪ (16 ਟਰੈਪ ਪ੍ਰਤੀ ਏਕੜ) ਲਗਾਓ ਅਤੇ ਲੋੜ ਪੈਣ ਤੇ 30 ਦਿਨਾਂ ਬਾਅਦ ਦੁਬਾਰਾ ਲਗਾਉਣ। ਇਸ ਤੋਂ ਇਲਾਵਾ ਪੱਕੇ ਫਲਾਂ ਨੂੰ ਜਲਦੀ–ਜਲਦੀ ਤੋੜਦੇ ਰਹਿਣਾ ਚਾਹੀਦਾ ਹੈ। ਧਰਤੀ ਤੇ ਗਿਰੇ ਹਮਲੇ ਵਾਲੇ ਫਲਾਂ ਨੂੰ ਇੱਕਠਾ ਕਰਕੇ ਧਰਤੀ ਹੇਠਾ 60 ਸੈ.ਮੀ. ਡੂੰਘਾ ਦਬਾ ਦੇਣਾ ਚਾਹੀਦਾ ਹੈ। ਫਲਾਂ ਦੀ ਤੁੜਾਈ ਉਪਰੰਤ ਬਾਗ ਦੀ 4–6 ਸੈਂਟੀਮੀਟਰ ਤੱਕ ਹਲਕੀ ਵਹਾਈ ਕਰਨੀ ਚਾਹੀਦੀ ਹੈ ਤਾਂ ਜੋ ਮੱਖੀ ਦੀਆਂ ਸੁੰਡੀਆਂ ਤੇ ਪਿਊਪੇ ਮਰ ਜਾਣ। ਜੋ ਕਿਸਾਨ ਨਵਾਂ ਬਾਗ ਲਗਾਉਣਾ ਚਾਹੁੰਦੇ ਹਨ, ਉਨ੍ਹਾਂ ਨੂੰ ਜਲਦੀ ਪੱਕਣ ਵਾਲੀਆਂ ਕਿਸਮਾਂ ਜਿਵੇਂ ਪਰਤਾਪ, ਫਲੋਰਡਾ ਪਰਿੰਸ, ਅਰਲੀਗਰੈਂਡ, ਫਲੋਰਡਾ ਸੱਨ ਅਤੇ ਸ਼ਾਨੇ–ਏ–ਪੰਜਾਬ ਨੂੰ ਹੀ ਲਗਾਉਣਾ ਚਾਹੀਦਾ ਹੈ। ਇਸ ਤੇ ਇਲਾਵਾ ਮੰਡੀ ਵਿੱਚ ਫਲ ਦੀ ਵੱਧ ਤੋਂ ਵੱਧ ਕੀਮਤ ਲੈਣ ਲਈ ਫਲਾਂ ਦੀ ਤੁੜਾਈ ਮਗਰੋਂ ਡੱਬਿਆ ਵਿੱਚ ਬੰਦ ਕਰਨ ਤੋਂ ਪਹਿਲਾਂ ਚੰਗੀ ਤਰ੍ਹਾਂ ਛਾਂਟੀ ਕਰੋ ਭਾਵ ਕੱਚੇ ਜਾਂ ਬਹੁਤੇ ਨਰਮ ਜਾਂ ਦਾਗੀ ਫਲਾਂ ਨੂੰ ਛਾਂਟ ਕੇ ਬਾਹਰ ਕੱਢ ਦਿਉ। ਫਲਾਂ ਦੀ ਡੱਬਾਬੰਦੀ ਵੀ ਵੱਖ–ਵੱਖ ਅਕਾਰ ਦੇ ਅਧਾਰ ਤੇ ਕਰਨੀ ਚਾਹੀਦੀ ਹੈ। ਇਸ ਤਰ੍ਹਾਂ ਕਰਨ ਨਾਲ ਕਿਸਾਨ ਮੰਡੀ ਵਿੱਚ ਜ਼ਿਆਦਾ ਮੁੱਲ ਲੈ ਸਕਦੇ ਹਨ।



# ਹਲਕਾ 062-ਆਤਮ ਨਗਰ ਅਧੀਨ ਜੰਮੂ ਕਲੋਨੀ 'ਚ ਮਹਿਲਾ ਵੋਟਰਾਂ ਨੂੰ ਕੀਤਾ ਜਾਗਰੂਕ

ਲੁਧਿਆਣਾ, 30 ਅਪ੍ਰੈਲ (ਸੁਖਚੈਨ ਮਹਿਰਾ) – ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਸਾਕਸ਼ੀ ਸਾਹਨੀ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਹਲਕਾ 062-ਆਤਮ ਨਗਰ ਵਿਖੇ ਮਹਿਲਾ ਵੋਟਰਾਂ ਨੂੰ ਜਾਗਰੂਕ ਕੀਤਾ ਗਿਆ।

ਸਵੀਪ ਨੋਡਲ ਅਫ਼ਸਰ ਬਲਵੰਤ ਸਿੰਘ ਅਤੇ ਕੋ-ਨੋਡਲ ਅਫ਼ਸਰ ਰਜਿੰਦਰ ਸਿੰਘ ਅਤੇ ਉਨ੍ਹਾਂ ਦੀ ਟੀਮ ਜੀ.ਐਨ. ਹਾਈ ਸਕੂਲ ਜੰਮੂ ਕਲੋਨੀ ਦੇ ਮੁੱਖ ਅਧਿਆਪਕਾ ਕਰਮਜੀਤ ਕੌਰ ਦੀ ਅਗਵਾਈ ਵਿੱਚ ਮਹਿਲਾ ਵੋਟਰ ਜਾਗਰੂਕਤਾ ਲਈ ਨਿੱਜੀ ਤੌਰ 'ਤੇ ਮਿਲ ਕੇ ਜਾਗਰੂਕ ਕੀਤਾ ਅਤੇ ਕਿਸੇ ਲਾਲਚ ਤੋਂ ਨਿਰਲੇਪ ਰਹਿ ਕੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦਾ ਸੁਨੇਹਾ ਦਿੱਤਾ ਗਿਆ।

ਜ਼ਿਲ੍ਹਾ ਚੋਣ ਅਫ਼ਸਰ ਸਾਕਸ਼ੀ ਸਾਹਨੀ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਜ਼ਿਲ੍ਹੇ ਵਿੱਚ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਕਰਵਾਉਣ ਲਈ ਵਚਨਬੱਧ ਹੈ ਅਤੇ ਜ਼ਿਲ੍ਹਾ ਵਾਸੀਆਂ ਨੂੰ ਆਪਣੀ ਵੋਟ ਬਿਨਾਂ ਕਿਸੇ ਡਰ ਭੈਅ ਅਤੇ ਕਿਸੇ ਦੇ ਪ੍ਰਭਾਵ ਵਿੱਚ ਆ ਕੇ ਪਾਉਣੀ ਚਾਹੀਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪੋਲਿੰਗ ਵਾਲੇ ਦਿਨ (1 ਜੂਨ) ਨੂੰ ਪੋਲਿੰਗ ਸਟੇਸ਼ਨਾਂ 'ਤੇ ਵੋਟਰਾਂ ਦੀ ਸਹੂਲਤ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।

ਜ਼ਿਲ੍ਹੇ ਦੇ ਸਾਰੇ ਯੋਗ ਵਸਨੀਕਾਂ ਨੂੰ ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰ ਕਰਵਾਉਣ ਦੀ ਅਪੀਲ ਕਰਦਿਆਂ ਉਨ੍ਹਾਂ ਅੱਗੇ ਦੱਸਿਆ ਕਿ ਨਵੇਂ ਯੋਗ ਵੋਟਰ ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰ ਕਰਵਾਉਣ ਲਈ 'ਵੋਟਰ ਹੈਲਪਲਾਈਨ' ਮੋਬਾਈਲ ਐਪਲੀਕੇਸ਼ਨ ਅਤੇ ਨੈਸ਼ਨਲ ਵੋਟਰ ਸਰਵਿਸਿਜ਼ ਪੋਰਟਲ (ਐਨ.ਵੀ.ਐਸ.ਪੀ.) ਦੀ ਵਰਤੋਂ ਕਰ ਸਕਦੇ ਹਨ। ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰ ਕਰਨ ਲਈ ਨਿਵਾਸੀ www.nvsp.in 'ਤੇ ਵੀ ਜਾ ਸਕਦੇ ਹਨ। ਲੋਕ ਸਭਾ ਚੋਣਾਂ-2024 ਲਈ ਵੋਟਰ ਰਜਿਸਟ੍ਰੇਸ਼ਨ 4 ਮਈ, 2024 ਤੱਕ ਕਰਵਾਈ ਜਾ ਸਕਦੀ ਹੈ।

# ਜਲ ਸਰੋਤਾਂ ਵਾਰੇ ਨੁੱਕੜ ਨਾਟਕ ਕਰਵਾਇਆ ਗਿਆ




ਅਮੂਲਯਾ, ਚੰਡੀਗੜ੍ਹ। ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ, ਐੱਮ.ਡੀ.ਏ.ਵੀ. ਭਵਨ, ਦਰਿਆ, ਚੰਡੀਗੜ੍ਹ ਨੇ ਵਾਤਾਵਰਣ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੇ ਸਹਿਯੋਗ ਨਾਲ ਜਲ ਸਰੋਤ ਦਿਵਸ ਦੇ ਮੌਕੇ 'ਤੇ ਨੁੱਕੜ ਨਾਟਕ ਦਾ ਆਯੋਜਨ ਕੀਤਾ। ਇਹ ਸਕਿੱਟ ਸਕੂਲ ਕੈਂਪਸ ਵਿੱਚ ਅਤੇ ਦਰਿਆ ਪਿੰਡ ਵੱਖ-ਵੱਖ ਥਾਵਾਂ 'ਤੇ ਪੇਸ਼ ਕੀਤੀ ਗਈ। ਵਿਦਿਆਰਥੀਆਂ ਨੇ ਸੰਦੇਸ਼ ਦਿੱਤਾ ਕਿ ਧਰਤੀ ਦੇ ਸਾਰੇ ਜੀਵਾਂ ਲਈ ਪਾਣੀ ਇੱਕ ਜ਼ਰੂਰੀ ਸਰੋਤ ਹੈ। ਪੀਣ ਵਾਲੇ ਸਾਫ਼ ਪਾਣੀ ਦੀ ਮਾਤਰਾ ਲਗਾਤਾਰ ਘਟਦੀ ਜਾ ਰਹੀ ਹੈ। ਸੁੱਕੇ ਇਲਾਕਿਆਂ ਦੇ ਲੋਕਾਂ ਨੂੰ ਪਾਣੀ ਦੀ ਸਮੱਸਿਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਾਣੀ ਦੇ ਫਾਲਤੂ ਵਹਾਅ ਅਤੇ ਜਲਘਰਾਂ ਵਿੱਚ ਕੂੜਾ ਸੁੱਟਣ ਨਾਲ ਪਾਣੀ ਪ੍ਰਦੂਸ਼ਿਤ ਹੋ ਜਾਂਦਾ ਹੈ। ਹਰ ਸਾਲ ਪਾਣੀ ਦੀ ਘਾਟ ਕਾਰਨ ਅਣਗਿਣਤ ਜਾਨਵਰ, ਪੰਛੀ ਅਤੇ ਇਨਸਾਨ ਮਰ ਜਾਂਦੇ ਹਨ। ਪਾਣੀ ਦੇ ਭੰਡਾਰਾਂ ਨੂੰ ਸੰਭਾਲਣਾ ਜ਼ਰੂਰੀ ਹੈ। ਵਾਤਾਵਰਨ ਨੂੰ ਸ਼ੁੱਧ ਰੱਖਣ ਵਿੱਚ ਜੰਗਲ ਅਹਿਮ ਭੂਮਿਕਾ ਨਿਭਾਉਂਦੇ ਹਨ। ਇਹ ਪਾਣੀ ਨੂੰ ਸ਼ੁੱਧ ਰੱਖਣ ਵਿੱਚ ਯੋਗਦਾਨ ਪਾਉਂਦੇ ਹਨ, ਇਸ ਲਈ ਰੁੱਖ ਲਗਾਉਣੇ ਚਾਹੀਦੇ ਹਨ। ਆਬਾਦੀ ਵਧਣ ਕਾਰਨ ਮਨੁੱਖ ਪਾਣੀ ਦੇ ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਵਿਸ਼ਵ ਵਿੱਚ ਪ੍ਰਦੂਸ਼ਿਤ ਪਾਣੀ ਦੇ ਸੋਮਿਆਂ ਨੂੰ ਬਚਾਉਣਾ ਬਹੁਤ ਜ਼ਰੂਰੀ ਹੈ। ਪਾਣੀ ਦੀ ਹਰ ਬੂੰਦ ਅਨਮੋਲ ਹੈ। ਵਿਦਿਆਰਥੀਆਂ ਨੇ ਗੰਦੇ ਪਾਣੀ ਦੀ ਸਹੀ ਵਰਤੋਂ ਬਾਰੇ ਵੀ ਦੱਸਿਆ। ਵਿਦਿਆਰਥੀਆਂ ਨੂੰ ਵਧੀਆ ਸਟੇਜਿੰਗ ਲਈ ਇਨਾਮ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਸਕੂਲ ਦੀ ਵਾਈਸ ਪ੍ਰਿੰਸੀਪਲ ਅੰਜੂ ਮੌਦਗਿਲ ਨੇ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਮਿਹਨਤ ਦੀ ਸ਼ਲਾਘਾ ਕੀਤੀ। ਇਸ ਸਕਿੱਟ ਵਿੱਚ ਕਿਰਨ ਪ੍ਰਭਾ, ਕਿਰਨ ਧਸਮਾਨਾ, ਦੀਪਾਲੀ ਵਰਮਾ ਅਤੇ ਮਧੂਬਾਲਾ ਨੇ ਵਿਦਿਆਰਥੀਆਂ ਦਾ ਮਾਰਗਦਰਸ਼ਨ ਕੀਤਾ। ਪਿ੍ਰੰਸੀਪਲ ਡਾ: ਵਿਨੋਦ ਕੁਮਾਰ ਨੇ ਦੱਸਿਆ ਕਿ ਇਸ ਪ੍ਰੋਗਰਾਮ ਦਾ ਮੁੱਖ ਮੰਤਵ ਜਲ ਸਰੋਤਾਂ ਨੂੰ ਸਾਫ਼ ਸੁਥਰਾ ਰੱਖਣ ਅਤੇ ਸੁਰੱਖਿਅਤ ਰੱਖਣ ਦੀ ਮਹੱਤਤਾ ਬਾਰੇ ਜਾਣਕਾਰੀ ਦੇਣਾ ਸੀ ? ,

# ਜੈ ਮਲਾਪ ਟੀਮ ਵੱਲੋਂ ਏਐਚਪੀ ਕਾਨੂੰਨ ਦੇ ਵਿਰੋਧ 'ਚ ਲੋਕ ਸਭਾ ਉਮੀਦਵਾਰ ਕਰਮਜੀਤ ਅਨਮੋਲ ਨੂੰ ਦਿੱਤਾ ਮੰਗ ਪੱਤਰ




ਕੋਟ ਈਸੇ ਖਾਂ (ਅਰੋੜਾ) ਲੋਕ ਸਭਾ ਹਲਕਾ ਫਰੀਦਕੋਟ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਕਰਮਜੀਤ ਅਨਮੋਲ ਨੂੰ ਹਲਕਾ ਧਰਮਕੋਟ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਅਤੇ ਪ੍ਰਕਾਸ਼ ਰਾਜਪੂਤ ਬਲਾਕ ਪ੍ਰਧਾਨ ਦੀ ਮੌਜੂਦਗੀ ×ਚ ਮੈਡੀਕਲ ਲੈਬੋਰਟਰੀ ਐਸੋਸੀਏਸ਼ਨ ਪੰਜਾਬ ਦੇ ਜਿਲ੍ਹਾ ਮੋਗਾ ਵਾਈਸ ਪ੍ਰਧਾਨ ਰਣਜੀਤ ਸਿੰਘ ਖਾਲਸਾ,ਬਲਾਕ ਪ੍ਰਧਾਨ ਸਾਜਨ ਛਾਬੜਾ ਅਤੇ ਜੈ ਮਲਾਪ ਦੀ ਪੂਰੀ ਟੀਮ ਵੱਲੋਂ ਸੈਂਟਰ ਸਰਕਾਰ ਵਲੋਂ ਏ ਐਚਪੀ ਕਾਨੂੰਨ ਦੇ ਵਿਰੁੱਧ ×ਚ ਮੰਗ ਪੱਤਰ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਕਰਮਜੀਤ ਅਨਮੋਲ ਨਾਲਗੱਲਬਾਤ ਦੌਰਾਨ ਦੱਸਿਆ ਗਿਆ ਕਿ ਫਰੀਦਕੋਟ ਵਿਖੇ ਸਾਡੀ ਸਟੇਟ ਕੋਰ ਕਮੇਟੀ ਵੱਲੋਂ ਵੀ ਤੁਹਾਡੇ ਨਾਲ ਮੁਲਾਕਾਤ ਕੀਤੀ ਗਈ ਸੀ ਤਾਂ ਉਨਾਂ ਹਾਂ ×ਚ ਜਵਾਬ ਦਿੰਦਿਆ ਕਿਹਾ ਕਿ ਤੁਹਾਡੀ ਇਹ ਮੰਗ ਪੰਜਾਬ ਸਰਕਾਰ ਜ਼ਰੀਏ ਸੈਂਟਰ ਸਰਕਾਰ ਕੋਲ ਪਹੁੰਚਾਈ ਜਾਵੇਗੀ।ਇਸ ਦੌਰਾਨ ਜੈ ਮਲਾਪ ਸੰਸਥਾ ਵੱਲੋਂ ਉਨਾਂ ਦਾ ਤਹਿ ਦਿਲੋ ਧੰਨਵਾਦ ਕੀਤਾ ਅਤੇ ਹਰ ਸੰਭਵ ਪਾਰਟੀ ਦੀ ਮਜ਼ਬੂਤੀ ਲਈ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਸੰਸਥਾਂ ਦੇ ਆਗੂਆ ਨੇ ਕਿਹਾ ਕਿ ਕੋਈ ਵੀ ਕਾਨੂੰਨ ਬਣਾਇਆ ਜਾਦਾ ਹੈ ਤਾ ਸਾਡੇ ਹਿੱਤਾਂ ਲਈ ਬਣਾਇਆ ਜਾਵੇ।ਇਸ ਮੌਕੇ ਹੋਰਨਾ ਤੋਂ ਇਲਾਵਾ ਮਨਜੀਤ ਸਿੰਘ ਅਨੰਦਸਰ ਲੈਬ, ਸਤਨਾਮ ਸਿੰਘ ਗਿੱਲ ਲੈਬ, ਵਰਿੰਦਰ ਸਿੰਘ ਗੁਰੂ ਨਾਨਕ ਲੈਬ, ਸ਼ਮਿੰਦਰ ਸਿੰਘ ਅਰਸ਼ ਲੈਬ,ਗੋਪਾਲ ਦਾਸ ਸਰਬੰਸ ਲੈਬ, ਰੂਪਲਾਲ ਸਿੰਘ ਸ਼ਕੁੰਤਲਾ ਲੈਬ, ਰਕੇਸ਼ ਬੱਬਰ,ਲੈਬ, ਜੈਵੰਤ ਮੋਗਾ ਲੈਬ, ਸੁਰਜਨ ਸਿੰਘ ਲਾਈਫ ਕੇਅਰ ਲੈਬ,ਆਦਿ ਹਾਜ਼ਰ ਸਨ।

# ਹਲਕਾ 062-ਆਤਮ ਨਗਰ ਅਧੀਨ ਜੰਮੂ ਕਲੋਨੀ 'ਚ ਮਹਿਲਾ ਵੋਟਰਾਂ ਨੂੰ ਕੀਤਾ ਜਾਗਰੂਕ

**ਲੁਧਿਆਣਾ**, 30 **ਅਪ੍ਰੈਲ** (**ਸੁਖਚੈਨ ਮਹਿਰਾ**) - ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਸਾਕਸ਼ੀ ਸਾਹਨੀ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਹਲਕਾ 062-ਆਤਮ ਨਗਰ ਵਿਖੇ ਮਹਿਲਾ ਵੋਟਰਾਂ ਨੂੰ ਜਾਗਰੂਕ ਕੀਤਾ ਗਿਆ।

ਸਵੀਪ ਨੋਡਲ ਅਫ਼ਸਰ ਬਲਵੰਤ ਸਿੰਘ ਅਤੇ ਕੋ-ਨੋਡਲ ਅਫ਼ਸਰ ਰਜਿੰਦਰ ਸਿੰਘ ਅਤੇ ਉਨ੍ਹਾਂ ਦੀ ਟੀਮ ਜੀ.ਐਨ. ਹਾਈ ਸਕੂਲ ਜੰਮੂ ਕਲੋਨੀ ਦੇ ਮੁੱਖ ਅਧਿਆਪਕਾ ਕਰਮਜੀਤ ਕੌਰ ਦੀ ਅਗਵਾਈ ਵਿੱਚ ਮਹਿਲਾ ਵੋਟਰ ਜਾਗਰੂਕਤਾ ਲਈ ਨਿੱਜੀ ਤੌਰ 'ਤੇ ਮਿਲ ਕੇ ਜਾਗਰੂਕ ਕੀਤਾ ਅਤੇ ਕਿਸੇ ਲਾਲਚ ਤੋਂ ਨਿਰਲੇਪ ਰਹਿ ਕੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦਾ ਸੁਨੇਹਾ ਦਿੱਤਾ ਗਿਆ।

ਜ਼ਿਲ੍ਹਾ ਚੋਣ ਅਫ਼ਸਰ ਸਾਕਸ਼ੀ ਸਾਹਨੀ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਜ਼ਿਲ੍ਹੇ ਵਿੱਚ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਕਰਵਾਉਣ ਲਈ ਵਚਨਬੱਧ ਹੈ ਅਤੇ ਜ਼ਿਲ੍ਹਾ ਵਾਸੀਆਂ ਨੂੰ ਆਪਣੀ ਵੋਟ ਬਿਨਾਂ ਕਿਸੇ ਡਰ ਭੈਅ ਅਤੇ ਕਿਸੇ ਦੇ ਪ੍ਰਭਾਵ ਵਿੱਚ ਆ ਕੇ ਪਾਉਣੀ ਚਾਹੀਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪੋਲਿੰਗ ਵਾਲੇ ਦਿਨ (1 ਜੂਨ) ਨੂੰ ਪੋਲਿੰਗ ਸਟੇਸ਼ਨਾਂ 'ਤੇ ਵੋਟਰਾਂ ਦੀ ਸਹੂਲਤ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ।

ਜ਼ਿਲ੍ਹੇ ਦੇ ਸਾਰੇ ਯੋਗ ਵਸਨੀਕਾਂ ਨੂੰ ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰ ਕਰਵਾਉਣ ਦੀ ਅਪੀਲ ਕਰਦਿਆਂ ਉਨ੍ਹਾਂ ਅੱਗੇ ਦੱਸਿਆ ਕਿ ਨਵੇਂ ਯੋਗ ਵੋਟਰ ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰ ਕਰਵਾਉਣ ਲਈ 'ਵੋਟਰ ਹੈਲਪਲਾਈਨ' ਮੋਬਾਈਲ ਐਪਲੀਕੇਸ਼ਨ ਅਤੇ ਨੈਸ਼ਨਲ ਵੋਟਰ ਸਰਵਿਸਿਜ਼ ਪੋਰਟਲ (ਐਨ.ਵੀ.ਐਸ.ਪੀ.) ਦੀ ਵਰਤੋਂ ਕਰ ਸਕਦੇ ਹਨ। ਆਪਣੇ ਆਪ ਨੂੰ ਵੋਟਰ ਵਜੋਂ ਰਜਿਸਟਰ ਕਰਨ ਲਈ ਨਿਵਾਸੀ www.nvsp.in 'ਤੇ ਵੀ ਜਾ ਸਕਦੇ ਹਨ। ਲੋਕ ਸਭਾ ਚੋਣਾਂ-2024 ਲਈ ਵੋਟਰ ਰਜਿਸਟ੍ਰੇਸ਼ਨ 4 ਮਈ, 2024 ਤੱਕ ਕਰਵਾਈ ਜਾ ਸਕਦੀ ਹੈ।



publisher/chief Editor
**Aman Mehra**
lok bani (news Paper)
lokbani08@gmail.com
www.lokbani.com
mob:99155-94111

**Head Office:**
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

# ਸੰਯੁਕਤ ਕਿਸਾਨ ਮੋਰਚੇ ਨੇ ਖਿੱਚੀ 21 ਮਈ ਜਗਰਾਉਂ ਮਹਾਂ ਰੈਲੀ ਦੀ ਤਿਆਰੀ, ਲੱਖਾਂ ਕਿਸਾਨ ਮਜ਼ਦੂਰ ਹੋਣਗੇ ਸ਼ਾਮਿਲ

## ਭਾਰਤੀ ਜਨਤਾ ਪਾਰਟੀ ਦਾ ਵਿਰੋਧ ਸ਼ਾਂਤਮਈ ਢੰਗ ਨਾਲ ਜਾਰੀ ਰਹੇਗਾ - ਸੰਯੁਕਤ ਕਿਸਾਨ ਮੋਰਚਾ

ਕੋਟ ਇਸੇ ਖਾਂ (ਅਰੋੜਾ) ਅੱਜ ਸੰਯੁਕਤ ਕਿਸਾਨ ਮੋਰਚੇ ਵਿੱਚ ਸ਼ਾਮਲ ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਦੀ ਮੀਟਿੰਗ ਚੰਡੀਗੜ੍ਹ ਦੇ ਕਿਸਾਨ ਭਵਨ ਵਿਖੇ ਹੋਈ ਜਿਸ ਦੀ ਪ੍ਰਧਾਨਗੀ ਹਰਿੰਦਰ ਸਿੰਘ ਲੱਖੋਵਾਲ, ਮਨਜੀਤ ਸਿੰਘ ਧਨੇਰ ਅਤੇ ਫੁਰਮਾਨ ਸਿੰਘ ਸੰਧੂ ਨੇ ਕੀਤੀ।ਮੀਟਿੰਗ ਵਿੱਚ ਸ਼ਾਮਿਲ ਸਾਰੇ ਆਗੂਆਂ ਨੇ ਸੰਯੁਕਤ ਕਿਸਾਨ ਮੋਰਚੇ ਦੇ ਉਸ ਨਿਰਣੇ ਨੂੰ ਫੇਰ ਬੁਲੰਦ ਕੀਤਾ ਕਿ ਭਾਰਤੀ ਜਨਤਾ ਪਾਰਟੀ ਕਾਰਪੋਰੇਟ ਪੱਖੀ, ਕਿਸਾਨ ਮਜ਼ਦੂਰ ਵਿਰੋਧੀ ਅਤੇ ਫੈਡਰਲਿਜਮ ਵਿਰੋਧੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਇਸ ਸਰਕਾਰ ਨੇ ਬਚੀ ਖੁਚੀ ਜਮਹੂਰੀਅਤ ਨੂੰ ਵੀ ਖਤਮ ਕਰਨ ਦਾ ਯਤਨ ਕੀਤਾ ਹੈ ਅਤੇ ਭਵਿੱਖ ਵਿੱਚ ਵੀ ਇਸ ਦੀ ਨੀਅਤ ਸੰਵਿਧਾਨ ਨੂੰ ਬਦਲ ਕੇ ਜਮਹੂਰੀਅਤ ਨੂੰ ਖਤਮ ਕਰਨ ਦੀ ਹੈ। ਇਸ ਲਈ ਸੰਯੁਕਤ ਕਿਸਾਨ ਮੋਰਚੇ ਨੇ ਭਾਜਪਾ ਹਰਾਓ, ਕਾਰਪੋਰੇਟ ਭਜਾਓ, ਦੇਸ਼ ਬਚਾਓ ਦਾ ਨਾਅਰਾ ਦਿੱਤਾ ਹੋਇਆ ਹੈ। ਇਸੇ ਨਾਅਰੇ ਅਧੀਨ 21 ਮਈ ਨੂੰ ਜਗਰਾਉਂ ਵਿਖੇ ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਮਹਾਂਰੈਲੀ ਕੀਤੀ ਜਾ ਰਹੀ ਹੈ ਜਿਸ ਵਿੱਚ ਸਾਰੇ ਪੰਜਾਬ ਦੇ ਕੋਨੇ ਕੋਨੇ ਤੋਂ ਕਿਸਾਨ ਮਜ਼ਦੂਰ ਅਤੇ ਬੀਬੀਆਂ ਸ਼ਾਮਲ ਹੋਣਗੀਆਂ। ਇਸ ਮਹਾਂ ਰੈਲੀ ਲਈ ਸਾਰੇ ਪ੍ਰਬੰਧ ਕਰਨ ਦੀਆਂ ਡਿਊਟੀਆਂ ਲਾਈਆਂ ਗਈਆਂ ਅਤੇ ਜਥੇਬੰਦੀਆਂ ਨੇ ਵੱਧ ਤੋਂ ਵੱਧ ਜ਼ੋਰ ਨਾਲ ਸਮੂਲੀਅਤ ਕਰਨ ਦਾ ਤਹੱਈਆ ਕੀਤਾ।ਸੰਯੁਕਤ ਕਿਸਾਨ ਮੋਰਚੇ ਨੇ ਆਪਣੇ ਸਟੈਂਡ ਨੂੰ ਮੁੜ ਦੁਹਰਾਇਆ ਕਿ ਦਿੱਲੀ ਵਾਲਾ ਇਤਿਹਾਸਕ ਕਿਸਾਨ ਘੋਲ ਸ਼ਾਂਤਮਈ ਰਹਿੰਦਿਆਂ ਜਿੱਤਿਆ ਗਿਆ ਸੀ। ਹੁਣ ਵੀ ਭਾਜਪਾ ਦਾ ਵਿਰੋਧ ਸ਼ਾਂਤਮਈ ਢੰਗ ਨਾਲ ਕੀਤਾ ਜਾਵੇਗਾ।




ਭਾਜਪਾ ਦੇ ਉਮੀਦਵਾਰਾਂ ਵੱਲੋਂ ਪੰਜਾਬ ਵਿੱਚ ਜਾਤਪਾਤੀ ਪੱਤਾ ਖੇਡਣ ਦੀਆਂ ਕੋਸ਼ਿਸ਼ਾਂ ਕਰਨ ਦੀ ਸਖ਼ਤ ਨਿਖੇਧੀ ਕੀਤੀ। ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਲੋਕਾਂ ਨੂੰ ਜਾਤ ਜਾਂ ਧਰਮ ਦੇ ਆਧਾਰ ਤੇ ਲੜਾਉਣ ਦੀਆਂ ਕੋਸ਼ਿਸ਼ਾਂ ਨੂੰ ਸਫਲ ਨਹੀਂ ਹੋਣ ਦੇਵੇਗਾ। ਇਹ ਵੀ ਮਤਾ ਪਾਸ ਕੀਤਾ ਗਿਆ ਕਿ ਜੇਕਰ ਭਾਜਪਾ ਦਾ ਕੋਈ ਵੱਡਾ ਆਗੂ ਜਿਵੇਂ ਨਰਿੰਦਰ ਮੋਦੀ ਜਾਂ ਅਮਿਤ ਸ਼ਾਹ ਪੰਜਾਬ ਵਿੱਚ ਆਉਂਦਾ ਹੈ ਤਾਂ ਉਸ ਦਾ ਜਿਲ੍ਹਾ ਅਤੇ ਤਹਿਸੀਲ ਪੱਧਰ ਤੇ ਕਾਲੇ ਝੰਡਿਆਂ ਨਾਲ ਰੋਸ ਵਿਖਾਵੇ ਕਰ ਕੇ ਵਿਰੋਧ ਕੀਤਾ ਜਾਵੇਗਾ।

ਮਹਾਂਰੈਲੀ ਦੇ ਪ੍ਰਬੰਧ ਕਰਨ ਲਈ ਸੱਤ ਮੈਂਬਰੀ ਪ੍ਰਬੰਧਕ ਕਮੇਟੀ ਬਣਾਈ ਗਈ।ਪੰਜਾਬ ਸਰਕਾਰ ਨੂੰ ਤਾੜਨਾ ਕੀਤੀ ਗਈ ਕਿ ਮੰਡੀਆਂ ਵਿੱਚ ਬਾਰਦਾਨੇ ਦੀ ਘਾਟ ਪੂਰੀ ਕੀਤੀ ਜਾਵੇ, ਲਿਫਟਿੰਗ ਤੁਰੰਤ ਕਰਵਾਈ ਜਾਵੇ, ਜਿਪਸਮ ਅਤੇ ਜੰਤਰ ਦੇ ਬੀਅ ਦਾ ਤੁਰੰਤ ਪ੍ਰਬੰਧ ਕੀਤਾ ਜਾਵੇ ਨਹੀਂ ਤਾਂ ਪੰਜਾਬ ਸਰਕਾਰ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਵਿਰੋਧ ਦਾ ਸਾਹਮਣਾ ਕਰਨਾ ਪਵੇਗਾ।

# ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁ:ਸੀਸ ਗੰਜ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਇਆ

ਸ੍ਰੀ ਅਨੰਦਪੁਰ ਸਾਹਿਬ 30 ਅਪ੍ਰੈਲ (ਦਵਿੰਦਰਪਾਲ ਸਿੰਘ): ਸ੍ਰੀ ਅਨੰਦਪੁਰ ਸਾਹਿਬ ਇਲਾਕੇ ਦੀਆਂ ਸਮੂਹ ਸੰਗਤਾਂ ਵੱਲੋਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੀ ਛਤਰ ਛਾਇਆ ਹੇਠ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸਮੂਹ ਧਾਰਮਿਕ ਜਥੇਬੰਦੀਆਂ ਅਤੇ ਵਪਾਰ ਮੰਡਲ ਦੇ ਸਹਿਯੋਗ ਨਾਲ ਹਿੰਦ ਦੀ ਚਾਦਰ ਪਾਤਸ਼ਾਹ ਨੌਵੀਂ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ।ਜਿਸ ਵਿੱਚ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ ਅਤੇ ਮੈਨੇਜਰ ਗੁਰਪ੍ਰੀਤ ਸਿੰਘ ਰੋਡੇ, ਅਡੀਸ਼ਨਲ ਮੈਨੇਜਰ ਐਡਵੋਕੇਟ ਹਰਦੇਵ ਸਿੰਘ ਨੇ ਉਚੇਚੇ ਤੋਰ ਤੇ ਹਾਜਰੀ ਭਰੀ।ਇਸ ਮੌਕੇ ਭਾਈ ਗੁਰਵਿੰਦਰ ਸਿੰਘ ਹਜੂਰੀ ਰਾਗੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਬੀਬੀ ਰਵਿੰਦਰ ਕੌਰ ਪਟਿਆਲੇ ਵਾਲਿਆਂ ਦੇ ਕੀਰਤਨੀ ਜੱਥੇ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਦੱਸਣਯੋਗ ਹੈ ਕਿ ਸ੍ਰੀ ਅਨੰਦਪੁਰ ਸਾਹਿਬ ਦੀਆਂ ਸੰਗਤਾਂ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ 16 ਅਪ੍ਰੈਲ ਤੋਂ ਰਾਤਰੀ ਫੇਰੀਆਂ ਸਜਾਈਆਂ ਜਾ ਰਹੀਆਂ ਹਨ ਬੀਤੀ ਰਾਤ ਦੀ ਰਾਤਰੀ ਫੇਰੀ ਦੀ ਸਮਾਪਤੀ ਉਪਰੰਤ ਗੁਰਦੁਆਰਾ ਸੀਸ ਗੰਜ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਇਸ ਮੌਕੇ ਇੰਦਰਜੀਤ ਸਿੰਘ ਅਰੋੜਾ ਪ੍ਰਧਾਨ ਵਪਾਰ ਮੰਡਲ, ਜਸਵਿੰਦਰ ਸਿੰਘ ਬਿੱਲਾ ਪ੍ਰਬੰਧਕ ਰਾਤਰੀ ਫੇਰੀ ਕਮੇਟੀ, ਗੁਰਚਰਨ ਸਿੰਘ ਅਰੋੜਾ, ਰਾਮ ਪਰਾਸ਼ਰ ਬਿੱਲਾ, ਤੇਜਿੰਦਰ ਸਿੰਘ ਚੰਨ, ਕਵਲ




ਜੋਤ ਸਿੰਘ, ਜਸਪਾਲ ਸਿੰਘ ਪਾਲ ਅਰੋੜਾ, ਦਵਿੰਦਰ ਸਿੰਘ ਰਾਣਾ, ਕੈਪਟਨ ਗੁਰਦਿਆਲ ਸਿੰਘ, ਸੁਰਿੰਦਰ ਸਿੰਘ ਛਿੰਦਾ, ਜਸ਼ਨਪ੍ਰੀਤ ਸਿੰਘ, ਅਵਤਾਰ ਸਿੰਘ ਸੋਢੀ, ਪ੍ਰਿਤਪਾਲ ਸਿੰਘ ਗੰਡਾ, ਮਨਿੰਦਰ ਪਾਲ ਸਿੰਘ ਮਨੀ, ਆਕਾਸ਼ ਚੱਠਾ, ਕਮਲਪ੍ਰੀਤ ਬੇਦੀ, ਮਾਸਟਰ ਸਰਬਜੀਤ ਸਿੰਘ, ਰਿੰਕੂ ਅਰੋੜਾ, ਮਾਤਾ ਗੁਰਚਰਨ ਕੌਰ ਪ੍ਰਧਾਨ ਇਸਤਰੀ ਸਤਿਸੰਗ ਸਭਾ, ਬੀਬੀ ਮਨਪ੍ਰੀਤ ਕੌਰ ਐਮਸੀ, ਬੀਬੀ ਬਲਵੀਰ ਕੌਰ ਐਮਸੀ, ਬੀਬੀ ਰਮਨਦੀਪ ਕੌਰ, ਬੀਬੀ ਰਜਿੰਦਰ ਕੌਰ, ਬੀਬੀ ਬਨਦੀਪ ਕੌਰ, ਬੀਬੀ ਵਜ਼ੀਰ ਕੌਰ, ਬੀਬੀ ਬਲਜੀਤ ਕੌਰ, ਬੀਬੀ ਅਵਤਾਰ ਕੌਰ, ਬੀਬੀ ਜੈਸਮੀਨ ਕੌਰ, ਬੀਬੀ ਹਰਸ਼ਨੂਰ ਕੌਰ, ਬੀਬੀ ਸੰਦੀਪ ਕੌਰ, ਬੀਬੀ ਸੁਰਿੰਦਰਪਾਲ ਕੌਰ, ਬੀਬੀ ਮਨਜੀਤ ਕੌਰ, ਬੀਬੀ ਤਜਿੰਦਰ ਕੌਰ, ਬੀਬੀ ਪਰਵਿੰਦਰ ਕੌਰ ਆਦਿ ਹਾਜ਼ਰ ਸਨ। ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਜਨਮ ਦਿਨ ਦੀਆ ਮੁਬਾਰਕਾਂ




ਮਿਤਾਂਸ਼ੁ ਮਹਿਰਾ ਨੂੰ ਜਨਮ ਦਿਨ ਦੀਆ ਮੁਬਾਰਕਾਂ
(ਵਰਿੰਦਰ ਪ੍ਰਕਾਸ਼ ਭਾਂਬਰੀ )

# ਡੈਮੋਕਰੇਟਿਕ ਟੀਚਰਜ਼ ਫਰੰਟ ਨੇ ਭਗਤਾ ਬਲਾਕ ਦਾ ਚੋਣ ਇਜਲਾਸ ਕਰਕੇ ਚੁਣੀ ਨਵੀਂ ਬਲਾਕ ਕਮੇਟੀ



ਬਠਿੰਡਾ/ ਰਾਮਪੁਰਾ ਫੂਲ ਅਧਿਆਪਕ ਸੰਘਰਸ਼ਾਂ ਦੀ ਮੋਹਰੀ ਸਫਾਂ ਵਿੱਚ ਅਗਵਾਈ ਕਰਨ ਵਾਲੀ ਡੈਮੋਕਰੇਟਿਕ ਟੀਚਰਜ਼ ਫਰੰਟ ਵੱਲੋਂ ਭਗਤਾ ਬਲਾਕ ਦਾ ਚੋਣ ਇਜਲਾਸ ਕਰਕੇ ਨਵੀਂ ਬਲਾਕ ਕਮੇਟੀ ਦੀ ਚੋਣ ਕੀਤੀ ਗਈ।ਚੋਣ ਵਿੱਚ ਨਿਰਮਲ ਸਿੰਘ ਨੂੰ ਬਲਾਕ ਪ੍ਰਧਾਨ, ਗੁਰਪ੍ਰੀਤ ਸਿੰਘ ਨੂੰ ਜਨਰਲ ਸਕੱਤਰ,ਮਨਪ੍ਰੀਤ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਪਲਵਿੰਦਰ ਸਿੰਘ ਨੂੰ ਮੀਤ ਪ੍ਰਧਾਨ ਕਮਲਜੀਤ ਕੌਰ ਨੂੰ ਜਥੇਬੰਦਕ ਸਕੱਤਰ , ਦਰਸ਼ਨ ਸਿੰਘ ਵਿੱਤ ਸਕੱਤਰ ਅਤੇ ਬੇਅੰਤ ਸਿੰਘ ਫੂਲੇਵਾਲਾ, ਹਰਜਿੰਦਰ ਸਿੰਘ ਸੇਮਾ, ਦਲਜੀਤ ਸਿੰਘ,ਜਸ਼ਨ ਚੰਮ,ਸਤਵਿੰਦਰ ਸਿੰਘ,ਸੁਰਜੀਤ ਸਿੰਘ ਅਮਰਜੀਤ ਕੌ ਨੂੰ ਬਲਾਕ ਕਮੇਟੀ ਮੈਂਬਰ ਵੱਜੋਂ ਚੁਣਿਆ ਗਿਆ ਡੀਟੀਐਫ ਦੇ ਜ਼ਿਲ੍ਹਾ ਪ੍ਰਧਾਨ ਜਗਪਾਲ ਬੰਗੀ ਨੇ ਕਿਹਾ ਡੈਮੋਕਰੇਟਿਕ ਟੀਚਰਜ਼ ਫਰੰਟ ਵੱਲੋਂ ਜਨਤਕ ਸਿੱਖਿਆ ਨੂੰ ਬਚਾਉਣ,ਕੱਚੇ ਅਧਿਆਪਕਾਂ ਦੇ ਪੱਕੇ ਰੁਜ਼ਗਾਰ,ਕੰਪਿਊਟਰ ਅਧਿਆਪਕਾਂ ਦੀਆਂ ਮੰਗਾਂ,ਮੁਲਾਜ਼ਮ ਮੰਗਾਂ ਲਈ ਸਾਂਝੇ ਸੰਘਰਸ਼ਾਂ,ਬੋਰਡ ਵੱਲੋਂ ਵਧਾਈਆਂ ਫੀਸਾਂ ਖਿਲਾਫ,ਵੱਖ ਵੱਖ ਮੁਲਾਜ਼ਮ ਵਿਰੋਧੀ ਸਥਾਨਕ ਪ੍ਰਸ਼ਾਸਨਿਕ ਫੈਸਲਿਆਂ ਖ਼ਿਲਾਫ਼ , ਨਵੀਂ ਸਿੱਖਿਆ ਨੀਤੀ ਖ਼ਿਲਾਫ਼ ਸਮੇਤ ਕਿਸਾਨ ਅੰਦੋਲਨ,ਮੋਦੀ ਸਰਕਾਰ ਦੇ ਫਾਸ਼ੀ ਹਮਲਿਆਂ ਖ਼ਿਲਾਫ ਲਗਾਤਾਰ ਸੰਘਰਸ਼ਾਂ ਦੇ ਮੈਦਾਨ ਵਿੱਚ ਹੈ। ਜੱਥੇਬੰਦੀ ਦੀਆਂ ਅਹਿਮ ਸਰਗਰਮੀਆਂ ਬਾਰੇ ਜਾਣਕਾਰੀ ਸਾਂਝੀ ਕਰਦਿਆ ਬੇਅੰਤ ਸਿੰਘ ਫੂਲੇਵਾਲਾ ਤੇ ਹਰਜਿੰਦਰ ਸਿੰਘ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਜਨਤਕ ਅਦਾਰਿਆਂ ਦੇ ਨਿੱਜੀਕਰਨ ਅਤੇ ਅਕਾਰ ਘਟਾਈ ਦੇ ਪਹਿਲਾਂ ਨਾਲ਼ੋਂ ਕਿਤੇ ਵੱਧ ਤਿਖੇ ਕੀਤੇ ਹਮਲੇ ਨੂੰ ਸਾਂਝੇ ਸੰਘਰਸ਼ਾਂ,ਹਮਖਿਆਲੀ ਧਿਰਾਂ ਨਾਲ਼ ਠੋਸ ਏਕਤਾ ਅਤੇ ਮਜ਼ਬੂਤ ਜੱਥੇਬੰਦਕ ਢਾਂਚੇ ਨਾਲ਼ ਹੀ ਚੁਣੌਤੀ ਦਿੱਤੀ ਜਾ ਸਕਦੀ ਹੈ।

ਇਸ ਮੌਕੇ ਚੁਣੀ ਨਵੀਂ ਕਮੇਟੀ ਨੂੰ ਵਧਾਈ ਦਿੰਦੇ ਆ ਡੀ ਟੀ ਐਫ ਤੇ ਸਾਬਕਾ ਆਗੂ ਦਰਸ਼ਨ ਸਿੰਘ ਮੌੜ ਨੇ ਬਦਲਾਅ ਦੇ ਨਾਂ ਤੇ ਆਈ ਪੰਜਾਬ ਸਰਕਾਰ ਦੀ ਮੁਲਾਜ਼ਮ ਮੰਗਾਂ ਨੂੰ ਗਿਣਮਿੱਥ ਕੇ ਲਟਕਾਉਣ ਦੇ ਕਾਰਜਵਿਹਾਰ ਦੀ ਸਖਤ ਨਿਖੇਧੀ ਕਰਦਿਆਂ ਦੱਸਿਆ ਕਿ ਸੋਧੇ ਪੰਜਾਬ ਪੇ ਕਮੀਸ਼ਨ ਵਿੱਚ ਕੱਟੇ ਗਏ ਭੱਤਿਆਂ ਨੂੰ ਮੁੜ ਲਾਗੂ ਕਰਵਾਉਣ,ਕੱਚੇ ਮੁਲਾਜ਼ਮਾਂ ਨੂੰ ਸਹੀ ਅਰਥਾਂ ਵਿੱਚ ਪੱਕੇ ਕਰਵਾਉਣ,ਘੱਟੋ ਘੱਟ ਉਜਰਤਾਂ ਲਈ ਅਤੇ ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਸਾਂਝੇ ਅਤੇ ਲਗਾਤਾਰ ਸੰਘਰਸ਼ਾਂ ਦੀ ਲੋੜ ਤੇ ਜ਼ੋਰ ਦਿੱਤਾ। ਬਲਾਕ ਕਮੇਟੀ ਵਲ਼ੋਂ ਅਧਿਆਪਕਾਂ ਦੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਵਾਈ ਗਈ ਇਸ ਮੌਕੇ ਹੋਰਨਾਂ ਤੋਂ ਇਲਾਵਾ. ਬਲਜੀਤ ਸਿੰਘ ਢਪਾਲੀ, ਹਰਭਜਨ ਸਿੰਘ,ਗੁਰਬਖ਼ਸ ਸਿੰਘ, ਸਿਮਰਜੀਤ ਸਿੰਘ, ਗੁਰਪ੍ਰੀਤ ਸਿੰਘ ਫੂਲ, ਧਰਮਵੀਰ, ਗੁਰਪਾਲ ਕੰਗ, ਗੁਰਸੇਵਕ ਸਿੰਘ, ਸੁਨੀਲ ਕੁਮਾਰ, ਕਿਰਨਪਾਲ ਸਿੰਘ ਨਛੱਤਰ ਸਿੰਘ, ਕ੍ਰਿਸ਼ਨ ਸਿੰਘ, ਗੁਰਜੀਤ ਸਿੰਘ ਹਰਜਿੰਦਰ ਕੌਰ ਢਿੱਲੋਂ, ਦਿਲਪ੍ਰੀਤ ਕੌਰ ਆਦਿ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਹਾਜ਼ਰ ਸਨ।

# ਸਟੇਟ ਪਬਲਿਕ ਸਕੂਲ ਸ਼ਾਹਕੋਟ ਦੁਆਰਾ ਵੋਟਾਂ ਸੰਬੰਧੀ ਜਾਗਰੂਕਤਾ ਰੈਲੀ ਦਾ ਆਯੋਜਨ




ਸ਼ਾਹਕੋਟ/ਮਲਸੀਆ, – ਸਟੇਟ ਪਬਲਿਕ ਸਕੂਲ ਸ਼ਾਹਕੋਟ ਦੁਆਰਾ ਐਸ.ਡੀ.ਐੱਮ ਸ਼ਾਹਕੋਟ ਸ਼੍ਰੀ ਰਿਸ਼ਭ ਬਾਂਸਲ ਜੀ, ਸ੍ਰੀ ਬ੍ਰਿਜ ਮੋਹਨ ਤ੍ਰਿਪਾਠੀ ਕਾਰਜ ਸਾਧਕ ਅਫ਼ਸਰ ਸ਼ਾਹਕੋਟ ਕਮ ਸਵੀਪ ਨੋਡਲ ਅਫਸਰ 032 ਸ਼ਾਹਕੋਟ, ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਡਾ.ਨਰੋਤਮ ਸਿੰਘ,ਉਪ-ਪ੍ਰਧਾਨ ਡਾ. ਗਗਨਦੀਪ ਕੌਰ ਜੀ ਦੀ ਅਗਵਾਈ ਅਤੇ ਸਕੂਲ ਪ੍ਰਿੰਸੀਪਲ ਸ੍ਰੀ ਕੰਵਰ ਨੀਲ ਕਮਲ ਜੀ ਦੀ ਦੇਖ-ਰੇਖ ਹੇਠ ਲੋਕਾਂ ਨੂੰ ਵੋਟਾਂ ਦੇ ਮਹੱਤਵ ਬਾਰੇ ਜਾਗਰੂਕ ਕਰਨ ਦੇ ਮੰਤਵ ਨਾਲ ਰੈਲੀ ਦਾ ਆਯੋਜਨ ਕੀਤਾ ਗਿਆ ਤਾਂ ਜੋ ਵੱਧ ਤੋਂ ਵੱਧ ਲੋਕ ਆਪਣੇ ਵੋਟ ਦੇ ਅਧਿਕਾਰ ਦਾ ਸਹੀ ਇਸਤੇਮਾਲ ਕਰ ਸਕਣ। ਇਸ ਰੈਲੀ ਦੇ ਵਿੱਚ ਸੱਤਵੀਂ, ਅੱਠਵੀਂ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਸ਼ਾਮਲ ਸਨ। ਜਿਨ੍ਹਾਂ ਨੇ ਵੱਖ-ਵੱਖ ਬੈਨਰ ਜਿਵੇਂ ਕਿ ਇਸ ਵਾਰ ਸੱਤਰਪਾਰ, ਮੇਰੀ ਵੋਟ ਮੇਰਾ ਅਧਿਕਾਰ, ਜੇ ਚਾਹੁੰਦੇ ਹੋ ਸਕੂਨ ਯਾਦ ਰੱਖੋ 1 ਜੂਨਆਦਿਦਾ ਪ੍ਰਦਰਸ਼ਨ ਕੀਤਾ। ਇਸ ਰੈਲੀ ਦੀ ਅਗਵਾਈ ਸ੍ਰੀ ਸੁਰਿੰਦਰ ਵਿੱਘ, ਸ੍ਰੀ ਭੁਪਿੰਦਰਜੀਤ- ਸਹਾਇਕ ਸਵੀਪ ਨੋਡਲ ਅਫਸਰ, ਮਨਦੀਪ ਸਿੰਘ- ਨਗਰ ਪੰਚਾਇਤ ਸ਼ਾਹਕੋਟ, ਜਸਕਰਨ ਸਿੰਘ ਜੱਸੀ, ਸਮੂਹ ਸਟਾਫ਼ ਨਗਰ ਪੰਚਾਇਤ ਸ਼ਾਹਕੋਟ, ਸਮੂਹ ਸਫਾਈ ਸੇਵਕ ਗ੍ਰਾਮ ਪੰਚਾਇਤ ਸ਼ਾਹਕੋਟ, ਸਕੂਲ ਸਵੀਪ ਨੋਡਲ ਅਫ਼ਸਰ ਸੁਖਵੰਤ ਸਿੰਘ ਅਤੇ ਸਕੂਲ ਅਧਿਆਪਕ ਬਲਰਾਮ ਬਕਸ਼ੀ ,ਸੁਲੇਖਾ ਨਾਗਪਾਲ ਅਤੇ ਇੰਦਰਪਾਲ ਸਿੰਘ ਨੇ ਕੀਤੀ। ਸ੍ਰੀ ਰਿਸ਼ਭ ਬਾਂਸਲ ਜੀ ਨੇ 'ਇਸ ਵਾਰ 70 ਪਾਰ' ਦਾ ਨਾਅਰਾ ਲਾਉਂਦਿਆਂ ਹੋਇਆਂ ਲੋਕਾਂ ਨੂੰ ਆਪਣੀ ਵੋਟ ਦਾ ਸਹੀ ਇਸਤੇਮਾਲ ਕਰਨ ਲਈ ਪ੍ਰੇਰਤ ਕੀਤਾ।

ਅੰਤ ਵਿੱਚ ਸਕੂਲ ਪ੍ਰਿੰਸੀਪਲ ਸ੍ਰੀ ਕੰਵਰ ਨੀਲ ਕਮਲ ਸਿੰਘ ਜੀ ਨੇ ਸਭ ਨੂੰ ਆਪਣੇ ਵੋਟ ਦਾ ਸਹੀ ਇਸਤੇਮਾਲ ਕਰਨ ਲਈ ਪ੍ਰੇਰਤ ਕਰਦਿਆਂ ਵਿਦਿਆਰਥੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ।

# ਸਵੀਪ ਗਤੀਵਿਧੀਆਂ ਤਹਿਤ ਨਰਸਿੰਗ ਕਾਲਜ ਦੀਆਂ ਵਿਦਿਆਰਥੀਆਂ ਵਲੋਂ ਕਰਵਾਏ ਗਏ ਮਹਿੰਦੀ ਮੁਕਾਬਲੇ




ਗਿੱਦੜਬਾਹਾ / ਸ੍ਰੀ ਮੁਕਤਸਰ ਸਾਹਿਬ, ਚੋਣ ਕਮਿਸ਼ਨਰ ਪੰਜਾਬ ਅਤੇ ਜ਼ਿਲ੍ਹਾ ਚੋਣ ਅਫ਼ਸਰ -ਕਮ - ਡਿਪਟੀ ਕਮਿਸ਼ਨਰ ਸ਼੍ਰੀ ਹਰਪ੍ਰੀਤ ਸਿੰਘ ਸੂਦਨ ਅਤੇ ਸਹਾਇਕ ਰਿਟਰਨਿੰਗ ਅਫ਼ਸਰ, ਸ੍ਰੀ ਗਿੱਦੜਬਾਹਾ ਡਾ.ਅਜੀਤ ਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਵੀਪ ਟੀਮ 084 ਗਿੱਦੜਬਾਹਾ ਵਲੋਂ ਵੋਟਰਾਂ ਨੂੰ ਲੋਕ ਸਭਾ ਚੋਣਾਂ ਦੌਰਾਨ ਆਪਣੀ ਵੋਟ ਦੀ ਸਹੀ ਵਰਤੋਂ ਕਰਨ ਸਬੰਧੀ ਨਵੇਲੇ ਅੰਦਾਜ ਵਿੱਚ ਜਾਗਰੂਕ ਕਰਨ ਲਈ ਮਾਤਾ ਸਾਹਿਬ ਕੌਰ ਨਰਸਿੰਗ ਕਾਲਜ ਗਿੱਦੜਬਾਹਾ ਵਲੋਂ ਮਹਿੰਦੀ ਲਗਾ ਕੇ ਵੋਟਰਾਂ ਨੂੰ ਜਾਗਰੂਕ ਕੀਤਾ ਗਿਆ। ਇਸ ਮੌਕੇ ਤੇ ਸਵੀਪ ਟੀਮ ਵਲੋਂ ਨਰਸਿੰਗ ਦੀਆਂ ਵਿਦਿਆਰਥਣਾਂ ਨੂੰ ਜਾਗਰੂਕ ਕੀਤਾ ਗਿਆ ਕਿ 1 ਜੂਨ ਨੂੰ ਆਪਣੀ ਵੋਟ ਦਾ ਸਹੀ ਢੰਗ ਨਾਲ ਇਸਤੇਮਾਲ ਕੀਤਾ ਜਾਵੇ ਤਾਂ ਜੋ ਸਾਫ ਸੁਥਰੀ ਨਵ ਸਰਕਾਰ ਦੇ ਪੁਨਰ ਗਠਨ ਕੀਤਾ ਜਾ ਸਕੇ। ਇਸੇ ਤਰ੍ਹਾਂ ਹੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰੀ ਕੇ ਕਲਾਂ ਅਤੇ ਦੋਦਾ ਵਿਖੇ ਵੀ ਵਿਦਿਆਰਥਣਾਂ ਦੇ ਮਹਿੰਦੇ ਮੁਕਾਬਲੇ ਕਰਵਾਏ ਗਏ।

# ਚੋਣਾਂ ਦੇ ਰੌਲੇ ਰੱਪੇ ਤੋਂ ਦੂਰ ਇੱਕ ਐਮਪੀ ਵੋਟਰਾਂ ਨੂੰ ਦੇ ਰਿਹਾ ਹੈ ਵੱਖਰਾ ਹੀ ਸੁਨੇਹਾ

ਸ਼ਾਹਕੋਟ ਪੰਜਾਬ ਵਿੱਚ ਲੋਕ ਸਭਾ ਦੀਆਂ ਚੋਣਾਂ ਨੂੰ ਲੈਕੇ ਪਿੜ ਭੱਖ ਗਿਆ ਹੈ। ਆਉਣ ਵਾਲੇ ਦਿਨਾਂ ਵਿੱਚ ਚੋਣ ਮੈਦਾਨ ਹੋਰ ਭੱਖ ਜਾਵੇਗਾ। ਰਾਜਨੀਤਿਕ ਪਾਰਟੀਆਂ ਵੱਲੋਂ ਵੋਟਰਾਂ ਨੂੰ ਭਰਮਾਉਣ ਲਈ ਕਈ ਨਵੇਂ ਵਾਅਦੇ ਅਤੇ ਲਾਲਚ ਦਿੱਤੇ ਜਾਣਗੇ। ਇਸ ਰਾਜਨੀਤਿਕ ਮਾਹੌਲ ਵਿੱਚ ਪੰਜਾਬ ਦੇ ਰਾਜ ਸਭਾ ਦੇ ਇੱਕ ਐਮਪੀ ਸੰਤ ਬਲਬੀਰ ਸਿੰਘ ਸੀਚੇਵਾਲ ਰਾਜਨੀਤੀ ਵਿੱਚ ਹੁੰਦੇ ਹੋਏ ਵੀ ਇਸ ਤੋਂ ਕੋਹਾਂ ਦੂਰ ਹਨ। ਸੰਤ ਸੀਚੇਵਾਲ ਦੋ ਸਾਲ ਤੋਂ ਰਾਜ ਸਭਾ ਮੈਂਬਰ ਹਨ ਤੇ ਉਨ੍ਹਾਂ ਨੇ ਆਪਣੇ ਆਪ ਨੂੰ ਰਾਜਨੀਤੀ ਤੋਂ ਦੂਰ ਰੱਖਦਿਆ ਹੋਇਆ ਵੋਟਰਾਂ ਦੇ ਮਨਾਂ ਵਿੱਚ ਇੱਕ ਸਵਾਲ ਛੱਡ ਦਿੱਤਾ ਹੈ। ਬੇਸ਼ੱਕ ਇਸ ਸਵਾਲ ‘ਤੇ ਅਜੇ ਤੱਕ ਕਿਸੇ ਰਾਜਨੀਤਿਕ ਪਾਰਟੀਆਂ ਨੇ ਅਜੇ ਉਸ ਢੰਗ ਨਾਲ ਚਰਚਾ ਨਹੀਂ ਛੇੜੀ ਜਿਸ ਦੀ ਕਿ ਸਮਾਂ ਮੰਗ ਕਰ ਰਿਹਾ ਹੈ ਪਰ ਸੰਤ ਸੀਚੇਵਾਲ ਨੇ ਜਿਹੜੀ ਚਿਣਗ ਵੋਟਰਾਂ ਦੇ ਮਨਾਂ ਵਿੱਚ ਬਾਲ ਦਿੱਤੀ ਹੈ ਉਹ ਵੋਟਾਂ ਪੈਣ ਤੱਕ ਕਿਵੇਂ ਭਾਂਬੜ ਬਣਦੀ ਹੈ ਇਹ ਦੇਖਣਾ ਹੋਵੇਗਾ। ਚੋਣਾਂ ਦੇ



ਐਲਾਨ ਹੋਣ ਤੋਂ ਲੈਕੇ ਸੰਤ ਬਲਬੀਰ ਸਿੰਘ ਸੀਚੇਵਾਲ ਗੋਲਬਲ ਵਾਰਮਿੰਗ, ਜਲਵਾਯੂ ਤਬਦੀਲੀ ਅਤੇ ਵਾਤਾਵਰਨ ਦੇ ਦੂਸ਼ਿਤ ਹੋਣ ਵਰਗੇ ਸ਼ਬਦਾਂ ਨੂੰ ਲਗਾਤਾਰ ਵਰਤਦੇ ਆ ਰਹੇ ਹਨ। ਇਹੀ ਸ਼ਬਦ ਉਨ੍ਹਾਂ ਨੇ ਆਪਣੇ ਸ਼ਰਧਾਲੂਆਂ ਦੇ ਦਿਲੋਂ ਦਿਮਾਗ ਵਿੱਚ ਧੁਰ ਅੰਦਰ ਤੱਕ ਬੈਠਾ ਦਿੱਤੇ ਹਨ। ਜਿਵੇਂ ਕਿਸਾਨ ਉਮੀਦਵਾਰਾਂ ਨੂੰ ਘੇਰ-ਘੇਰ ਕੇ ਸਵਾਲ ਪੁੱਛਦੇ ਹਨ ਉਵੇਂ ਹੀ ਸੰਤ ਸੀਚੇਵਾਲ ਦੇ ਸ਼ਰਧਾਲੂ ਅਤੇ ਵਾਤਾਵਰਨ ਨੂੰ ਪ੍ਰੇਮ ਕਰਨ ਵਾਲੇ ਲੋਕਾਂ ਦੇ ਹੌਂਸਲੇ ਬੁਲੰਦ ਹੋ ਗਏ ਹਨ। ਉਹ ਵੋਟਾਂ ਮੰਗਣ ਆਉਣ ਵਾਲਿਆਂ ਨੂੰ ਅਤੇ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਅੱਗੇ ਜਲਵਾਯੂ ਤਬਦੀਲੀ ਅਤੇ ਪੰਜਾਬ ਵਿੱਚ ਰੁੱਖਾਂ ਹੇਠ ਘੱਟ ਰਹੇ ਰਕਬੇ ਨੂੰ ਕਿਵੇਂ ਵਧਾਉਣਾ ਹੈ.? ਇਸ ਬਾਬਤ ਤਿੱਖੇ ਸਵਾਲ ਕਰਨ ਲੱਗ ਪਏ ਹਨ। ਸੰਤ ਸੀਚੇਵਾਲ ਨੇ ਸੰਤ ਸਮਾਜ ਦੀ ਅਗਵਾਈ ਕਰਦਿਆ ਰਸਮੀ ਤੌਰ ‘ਤੇ ਪ੍ਰੈਸ ਕਾਨਫਰੰਸ ਵੀ ਕਰ ਚੁੱਕੇ ਹਨ। ਉਨ੍ਹਾ ਨੇ ਵਾਤਾਵਰਣ ਦੇ ਮੁੱਦੇ ਨੂੰ ਚੋਣ ਮਨੋਰਥ ਪੱਤਰਾਂ ਵਿੱਚ ਸ਼ਾਮਿਲ ਕਰਨ ਦੀ ਮੰਗ ਕੀਤੀ ਹੈ। ਆਮ ਆਦਮੀ ਪਾਰਟੀ ਦੀ ਕੌਮੀ ਲੀਡਰਸ਼ਿਪ ਦੇ ਆਗੂਆਂ ਨੂੰ ਆਪ ਦਿੱਲੀ ਵਿੱਚ ਮਿਲਕੇ ਵਾਤਾਵਰਣ ਦਾ ਏਜੰਡਾਂ ਵੀ ਸੌਂਪਿਆ ਹੋਇਆ ਹੈ। ਸੰਤ ਸੀਚੇਵਾਲ ਨੇ ਸਪੱਸ਼ਟ ਕੀਤਾ ਹੈ ਕਿ ਉਹ ਲੋਕਾਂ ਨੂੰ ਉਨ੍ਹਾਂ ਉਮੀਦਵਾਰਾਂ ਨੂੰ ਹੀ ਵੋਟ ਪਾਉਣ ਲਈ ਕਹਿਣਗੇ ਜਿਹੜੇ ਵਾਤਾਵਰਣ ਦੇ ਏਜੰਡੇ ‘ਤੇ ਗੱਲ ਕਰਨਗੇ। ਸੰਤ ਸੀਚੇਵਾਲ ਨੇ ਕਿਹਾ ਕਿ ਵਾਤਾਵਰਨ ਦਾ ਏਜੰਡਾ ਹੀ ਅਸਲ ਵਿੱਚ ਲੋਕਾਂ ਦੀ ਜਿੰਦਗੀ ਅਤੇ ਸਿਹਤ ਨਾਲ ਸਿੱਧੇ ਤੌਰ ‘ਤੇ ਜੁੜਿਆ ਹੋਇਆ ਹੈ ਪਰ ਰਾਜਨੀਤਿਕ ਪਾਰਟੀਆਂ ਬਹੁਤ ਸਾਰੀਆਂ ਚੀਜਾਂ ਮੁਫਤ ਦੇਣ ਦੀ ਗਾਰੰਟੀ ਤਾਂ ਦੇ ਰਹੀਆਂ ਹਨ ਪਰ ਉਹ ਵਾਤਾਵਰਨ ਦੇ ਮੁੱਦੇ ‘ਤੇ ਗੱਲ ਨਹੀਂ ਕਰ ਰਹੀਆਂ ਜਿਹੜਾ ਕਿ ਸਾਡੀ ਜਿੰਦਗੀ ਨਾਲ ਜੁੜਿਆ ਹੋਇਆ ਹੈ।

# ਮਾਤਾ ਸੁੰਦਰੀ ਗਰਲਜ ਕਾਲਜ ਆਫ ਐਜੂਕੇਸ਼ਨ ਢੱਡੇ ਦੀਆਂ ਵਿਦਿਆਰਥਣਾਂ ਪੰਜਾਬੀ ਯੂਨੀਵਰਸਿਟੀਆਂ ਦੇ ਨਤੀਜਿਆਂ ਵਿੱਚੋਂ ਮੋਹਰੀ

ਬਠਿੰਡਾ - ਮਾਲਵੇ ਇਲਾਕੇ ਦੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ਤੇ ਨਾਮਣਾ ਖੱਟਣ ਵਾਲੀ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ ਇਂਸਟੀਚਿਊਸ਼ਨਜ ਢੱਡੇ ਦੀ ਸਾਖਾ ਮਾਤਾ ਸੁੰਦਰੀ ਗਰਲਜ ਕਾਲਜ ਆਫ ਐਜੂਕੇਸ਼ਨ , ਢੱਡੇ ਦੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਪਿਛਲੇ ਦਿਨੀ ਐਲਾਨੇ ਗਏ ਬੀ.ਐੱਡ ਭਾਗ ਦੂਜਾ (ਸਮੈਸਟਰ ਤੀਜਾ) ਦਾ ਨਤੀਜਾ ਸ਼ਾਨਦਾਰ ਰਿਹਾ। ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਢੱਡੇ ਅਤੇ ਗੁਰਬਿੰਦਰ ਸਿੰਘ ਬੱਲੀ ਨੇ ਇਸ ਨਤੀਜੇ ਤੇ ਆਪਣੀ ਖੁਸ਼ੀ ਜਾਹਿਰ ਕਰਦਿਆਂ ਕਿਹਾ ਕਿ ਮਾਤਾ ਸੁੰਦਰੀ ਗਰੁੱਪ ਦੀ ਹਮੇਸ਼ਾ ਇਹੀ ਕੋਸ਼ਿਸ ਰਹੀ ਹੈ ਕਿ ਵਿਦਿਆਰਥੀਆਂ ਦੀ ਭਲਾਈ ਲਈ ਹਰ ਪੱਖੋਂ ਮੁਕਮਲ ਅਤੇ ਵਧੀਆਂ ਸਹੂਲਤਾਂ ਨਾਲ ਲੈਸ ਪੜਾਈ ਦੀਆਂ ਉਪਰਲੀਆਂ ਸਿਖਰਾਂ ਤੇ ਲਿਜਾਇਆ ਜਾਵੇ ਤਾ ਕਿ ਬੀ.ਐੱਡ ਦੀ ਟਰੇਨਿੰਗ ਤੋਂ ਬਾਅਦ ਵਿਦਿਆਰਥੀ ਸਕੂਲਾਂ ਅਤੇ ਕਾਲਜਾਂ ਵਿੱਚ ਜਾ ਕੇ ਵਧੀਆਂ ਨਤੀਜੇ ਦੇ ਸਕਣ ਅਜਿਹੇ ਅਧਿਆਪਕਾਂ ਨੂੰ ਗੁਣਵੱਤਾ ਭਰਪੂਰ ਸਿੱਖਿਆ ਦੇਣਾ ਸਾਡਾ ਮੁੱਖ ਮਕਸਦ ਹੈ। ਡਾਇਰੈਕਟਰ ਐਡਮਨਿਸਟੇਰਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਇਨ੍ਹਾਂ ਸ਼ਾਨਦਾਰ ਨਤੀਜਿਆਂ ਲਈ ਵਿਦਿਆਰਥਣਾਂ ਅਤੇ ਉਨ੍ਹਾ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਸੰਸਥਾ ਦੇ ਪਲੇਸਮੈਂਟ ਸੈੱਲ ਦੀ ਪੂਰੀ ਕੋਸ਼ਿਸ ਰਹੇਗੀ ਕਿ ਇਨ੍ਹਾਂ ਡਿਗਰੀ ਪ੍ਰਾਪਤ ਵਿਦਿਆਰਥੀਆਂ ਨੂੰ ਜਲਦ ਤੋਂ ਜਲਦ ਨੌਕਰੀਆਂ ਪ੍ਰਾਪਤ ਕਰਨ ਵਿੱਚ ਮਦਦ ਕੀਤੀ ਜਾਵੇ ਤਾਂ ਜੋ ਵਿਦਿਆਰਥੀ ਆਪਣੇ ਪੈਰਾਂ ਤੇ ਖੜੇ ਹੋ ਸਕਣ। ਉਨ੍ਹਾਂ ਕਿਹਾ ਕਿ ਸਾਨੂੰ ਪੂਰੀ ਉਮੀਦ ਹੈ ਕਿ ਇਸ ਵਾਰ ਦੇ ਨਤੀਜੇ ਵਿੱਚ ਸੰਸਥਾ ਦੀਆਂ ਵਿਦਿਆਰਥਣਾਂ ਯੂਨੀਵਰਸਿਟੀ ਮੈਰਿਟ ਵਿੱਚ ਸਥਾਨ ਹਾਸਿਲ ਕਰ



ਸਕਦੀਆਂ ਹਨ। ਸੰਸਥਾ ਦੇ ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ ਨੇ ਦੱਸਿਆ ਕਿ ਹਰੇਕ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਡੇ ਵਿਦਿਆਰਥੀਆਂ ਦਾ ਨਤੀਜਾ ਅੱਵਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸਮਾਜ ਵਿੱਚ ਅਧਿਆਪਕ ਦਾ ਰੁਤਬਾ ਹਮੇਸਾ ਹੀ ਵੱਡਾ ਹੈ ਕਿਉਂਕਿ ਅਧਿਆਪਕ ਹੀ ਸਾਡੇ ਸਮਾਜ ਨੂੰ ਸਹੀ ਦਿਸ਼ਾ ਦੇਣ ਲਈ ਵਿਦਿਆਰਥੀਆਂ ਦਾ ਚਾਨਣ ਮੁਨਾਰਾ ਹੁੰਦਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਬੀ.ਐੱਡ ਵਿਭਾਗ ਦੇ ਮੁਖੀ ਪ੍ਰੋ. ਵੀਰਪਾਲ ਕੌਰ ਨੇ ਦੱਸਿਆ ਕਿ ਸਾਡੇ ਬੀ.ਐੱਡ ਵਿਭਾਗ ਦੀਆਂ ਬਹੁਤ ਹੀ ਹੋਣਹਾਰ 10 ਵਿਦਿਆਰਥਣਾਂ ਅਰਸ਼ਦੀਪ ਕੌਰ, ਅਮਨਦੀਪ ਕੌਰ, ਬੇਅੰਤ ਕੌਰ, ਗੁਰਪ੍ਰੀਤ ਕੌਰ, ਜਸਮੀਨ ਕੌਰ, ਖੁਸ਼ਪ੍ਰੀਤ ਕੌਰ, ਕਮਲਦੀਪ ਕੌਰ, ਲਭਪ੍ਰੀਤ ਕੌਰ, ਰੁਚਿਕਾ ਅਤੇ ਸੋਮਨਜੀਤ ਕੌਰ ਨੇ ਕ੍ਰਮਵਾਰ 95.33% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਤਿੰਨ ਵਿਦਿਆਰਥਣਾਂ ਅਮਨਜੋਤ ਕੌਰ, ਜਸਪ੍ਰੀਤ ਕੌਰ, ਮੋਨਿਕਾ ਰਾਣੀ ਨੇ 94.66% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ 5 ਵਿਦਿਆਰਥਣਾਂ ਬੇਅੰਤ ਕੌਰ, ਆਯੂਸਿਕੀ ਗਰਗ, ਹਰਨੀਤ ਕੌਰ, ਨੀਸ਼ੂ ਅਤ ਵੰਸਿਕਾਂ ਨੇ 93.66% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਿਲ ਕੀਤਾ। ਸੰਸਥਾ ਦੇ ਖਜਾਨਚੀ ਮੈਡਮ ਪ੍ਰਸ਼ੋਤਮ ਕੌਰ ਅਤੇ ਡਾਇਰੈਕਟਰ ਮੈਡਮ ਸਿਬਲਜੀਤ ਕੌਰ ਨੇ ਸਮੂਹ ਸਟਾਫ ਅਤੇ ਵਿਦਿਆਰਥਣਾਂ ਨੂੰ ਸੁਭ ਇੱਛਾਵਾਂ ਦਿੱਤੀਆਂ ਅਤੇ ਇਸ ਸ਼ਾਨਦਾਰ ਨਤੀਜੇ ਦੀ ਵਧਾਈ ਦਿੱਤੀ। ਇਸ ਮੌਕੇ ਦੀ ਪੋਲਰ ਸਟਾਰ ਸਕੂਲ ਦੇ ਪ੍ਰਿੰਸੀਪਲ ਕੰਵਰਦੀਪ ਸਿੰਘ ਗਿੱਲ, ਪ੍ਰੋ. ਅਸ਼ੀਸ ਤਿਵਾਰੀ (ਮੁਖੀ ਆਈ.ਟੀ ਸੈੱਲ), ਪ੍ਰੋ. ਗੁਰਕੀਰਤ ਸਿੰਘ (ਮੁਖੀ ਸਾਇੰਸ ਵਿਭਾਗ), ਪ੍ਰੋ. ਅਮਨਦੀਪ ਕੌਰ (ਐਜੂਕੇਸ਼ਨ), ਜਸਵਿੰਦਰ ਸਿੰਘ (ਮੁਖੀ ਫਿਜੀਕਲ ਵਿਭਾਗ), ਪ੍ਰੋ. ਹਰਸ਼ ਰਾਣੀ (ਮੁਖੀ ਕਮਰਸ ਵਿਭਾਗ), ਪ੍ਰੋ. ਗੁਰਪ੍ਰੀਤ ਕੌਰ (ਗਣਿਤ ਵਿਭਾਗ), ਪ੍ਰੋ. ਰਣਜੀਤ ਕੌਰ (ਮੁਖੀ ਕੰਪਿਊਟਰ ਵਿਭਾਗ), ਪ੍ਰੋ. ਰਾਜਵਿੰਦਰ ਕੌਰ (ਮੁਖੀ ਸਮਾਜ ਸਾਸਤਰ ਵਿਭਾਗ), ਪ੍ਰੋ. ਸ਼ਾਮ ਲਾਲ (ਪੰਜਾਬੀ ਵਿਭਾਗ), ਪ੍ਰੋ. ਸੋਨਦੀਪ ਕੌਰ (ਮੁਖੀ ਐਫ.ਟੀ ਵਿਭਾਗ), ਪ੍ਰੋ. ਰਵਿੰਦਰ ਕੁਮਾਰ (ਮੁਖੀ ਹਿੰਦੀ ਵਿਭਾਗ), ਵੀਰਇੰਦਰ ਕੌਰ, ਪ੍ਰੋ. ਮਨਦੀਪ ਕੌਰ, ਪ੍ਰੋ. ਅਰੁਣ ਕੁਮਾਰ ਹਾਜਰ ਸਨ।

St. Soldier
GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LL.B. • B.COM. LLB • BBA.LL.B. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
/stsoldiergroup
www.stsoldiergroup.com
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565

# ਸਿਗਰਟਨੋਸ਼ੀ ਦੀ ਲਤ ਫੇਫੜਿਆਂ ਦੇ ਨਾਲ ਰੀੜ੍ਹ ਦੀ ਹੱਡੀ ਨੂੰ ਵੀ ਪਹੁੰਚਾ ਸਕਦੀ ਹੈ ਨੁਕਸਾਨ



ਸਿਗਰਟਨੋਸ਼ੀ ਦੀ ਆਦਤ ਸਿਹਤ ਲਈ ਬਹੁਤ ਖਤਰਨਾਕ ਹੈ। ਇਸ ਕਾਰਨ ਦੁਨੀਆ ਭਰ ਵਿਚ ਹਰ ਸਾਲ 80 ਲੱਖ ਤੋਂ ਵੱਧ ਲੋਕਾਂ ਦੀ ਮੌਤ ਹੋ ਜਾਂਦੀ ਹੈ। ਸਿਗਰਟ ਪੀਣ ਨਾਲ ਕੈਂਸਰ ਦੇ ਨਾਲ-ਨਾਲ ਅਪੰਗਤਾ ਤੇ ਹੋਰ ਕਈ ਬਿਮਾਰੀਆਂ ਵੀ ਹੋ ਸਕਦੀਆਂ ਹਨ। ਇਹ ਤੁਹਾਡੀ ਰੀੜ੍ਹ ਦੀ ਸਿਹਤ ਨੂੰ ਵੀ ਪ੍ਰਭਾਵਿਤ ਕਰ ਸਕਦਾ ਹੈ ਜੋ ਸਰੀਰ ਦਾ ਲਗਭਗ ਅੱਧਾ ਭਾਰ ਝੱਲਦੀ ਹੈ। ਇਸ ਲਈ ਸਰੀਰ ਨੂੰ ਸਿਹਤਮੰਦ ਰੱਖਣ ਲਈ ਰੀੜ੍ਹ ਦੀ ਹੱਡੀ ਦਾ ਸਿਹਤਮੰਦ ਹੋਣਾ ਬਹੁਤ ਜ਼ਰੂਰੀ ਹੈ।

ਰੀੜ੍ਹ ਦੀ ਹੱਡੀ ਨਾਲ ਸਪਾਈਲ ਕੋਰਡ ਨੂੰ ਸਥਿਰਤਾ, ਸੰਤੁਲਨ ਤੇ ਸੁਰੱਖਿਆ ਮਿਲਦੀ ਹੈ। ਸਮੇਂ ਦੇ ਨਾਲ ਰੀੜ੍ਹ ਦੀ ਹੱਡੀ ਦੇ ਆਲੇ ਦੁਆਲੇ ਦੀਆਂ ਮਾਸਪੇਸ਼ੀਆਂ ਤੇ ਲਿਗਾਮੈਂਟਸ ਕਮਜ਼ੋਰ ਹੋਣ ਲੱਗਦੇ ਹਨ, ਪਰ ਨਿਯਮਤ ਕਸਰਤ, ਸਿਹਤਮੰਦ ਖੁਰਾਕ ਤੇ ਜੀਵਨਸ਼ੈਲੀ ਦੀ ਮਦਦ ਨਾਲ ਰੀੜ੍ਹ ਦੀ ਹੱਡੀ ਨੂੰ ਸਿਹਤਮੰਦ ਰੱਖਿਆ ਜਾ ਸਕਦਾ ਹੈ। ਰੀੜ੍ਹ ਦੀ ਹੱਡੀ ਦੀ ਸਿਹਤ ਬਹੁਤ ਸਾਰੇ ਕਾਰਕਾਂ ਰਾਹੀਂ ਪ੍ਰਭਾਵਿਤ ਹੁੰਦੀ ਹੈ ਜਿਨ੍ਹਾਂ ਵਿਚ ਮਾੜੀ ਮੁਦਰਾ, ਜੈਨੇਟਿਕਸ, ਮੋਟਾਪਾ, ਸੱਟਾਂ ਤੇ ਸਿਗਰਟਨੋਸ਼ੀ ਸ਼ਾਮਲ ਹਨ, ਜੋ ਸਥਿਤੀ ਨੂੰ ਹੋਰ ਗੰਭੀਰ ਬਣਾ ਸਕਦਾ ਹੈ।

ਕਿਤੇ ਤੁਸੀਂ ਵੀ ਤਾਂ ਨਹੀਂ ਕਰ ਰਹੇ ਜੂਸ ਪੀਂਦੇ ਸਮੇਂ ਇਹ ਇਕ ਗ਼ਲਤੀ, ਸਿਹਤ ਨੂੰ ਭੁਗਤਨਾ ਪੈ ਸਕਦਾ ਹੈ ਖਮਿਆਜ਼ਾਕਿਤੇ ਤੁਸੀਂ ਵੀ ਤਾਂ ਨਹੀਂ ਕਰ ਰਹੇ ਜੂਸ ਪੀਂਦੇ ਸਮੇਂ ਇਹ ਇਕ ਗ਼ਲਤੀ, ਸਿਹਤ ਨੂੰ ਭੁਗਤਨਾ ਪੈ ਸਕਦਾ ਹੈ ਖਮਿਆਜ਼ਾ

ਰੀੜ੍ਹ ਦੀ ਹੱਡੀ ਨੂੰ ਸਿਗਰਟਨੋਸ਼ੀ ਨਾਲ ਹੋਣ ਵਾਲੇ ਨੁਕਸਾਨ

ਡਾਕਟਰ ਆਸ਼ੀਸ਼ ਡਾਗਰ, ਕੰਸਲਟੈਂਟ, ਸਪਾਈਨ ਸਰਜਰੀ, ਮਨੀਪਾਲ ਹਸਪਤਾਲ, ਗੁਰੂਗ੍ਰਾਮ ਕਹਿੰਦੇ ਹਨ, 'ਸਿਗਰਟ ਪੀਣ ਨਾਲ ਫੇਫੜਿਆਂ ਨੂੰ ਨੁਕਸਾਨ ਹੁੰਦਾ ਹੈ। ਇਸ ਨਾਲ ਸਾਹ ਦੀਆਂ ਬਿਮਾਰੀਆਂ ਤੇ ਕੈਂਸਰ ਦਾ ਖਤਰਾ ਵਧ ਜਾਂਦਾ ਹੈ ਪਰ ਬਹੁਤ ਘੱਟ ਲੋਕ ਜਾਣਦੇ ਹੋਣਗੇ ਕਿ ਇਸ ਨਸ਼ੇ ਦਾ ਰੀੜ੍ਹ ਦੀ ਹੱਡੀ 'ਤੇ ਵੀ ਗੰਭੀਰ ਅਸਰ ਪੈਂਦਾ ਹੈ। ਸਿਗਰਟਨੋਸ਼ੀ ਨਾਲ ਡਿਸਕ ਘਸ ਜਾਂਦੀ ਹੈ, ਹੱਡੀਆਂ ਦੀ ਘਣਤਾ ਘਟ ਸਕਦੀ ਹੈ ਹੋਰ ਤਾਂ ਹੋਰ ਬਲੱਡ ਸਰਕੂਲੇਸ਼ਨ ਵੀ ਸਹੀ ਢੰਗ ਨਾਲ ਨਹੀਂ ਹੁੰਦੀ। ਸਿਗਰਟਨੋਸ਼ੀ ਨਾਲ ਸਪਾਈਨਲ ਸਟੇਨੋਸਿਸ ਦਾ ਵੀ ਜੋਖ਼ਮ ਵਧ ਜਾਂਦਾ ਹੈ ਜਿਸਦਾ ਸਮੇਂ ਸਿਰ ਇਲਾਜ ਨਾ ਕੀਤਾ ਜਾਵੇ, ਤਾਂ ਸਪੌਂਡਿਲੋਲਿਸਿਸ ਹੋ ਸਕਦਾ ਹੈ। ਪਿੱਠ ਦਰਦ, ਗਰਦਨ 'ਚ ਦਰਦ, ਚੱਲਣ-ਫਿਰਨ ਮੁਸ਼ਕਲ ਇਸ ਬਿਮਾਰੀ ਦੇ ਆਮ ਲੱਛਣ ਹਨ।

ਰੀੜ੍ਹ ਦੀ ਹੱਡੀ ਨਾਲ ਜੁੜੀਆਂ ਸਮੱਸਿਆਵਾਂ ਦਾ ਇਲਾਜ ਦਵਾਈਆਂ

ਰੀੜ੍ਹ ਦੀ ਹੱਡੀ 'ਚ ਹੋਣ ਵਾਲੇ ਹਲਕੇ ਤੇ ਮੀਡੀਅਨ ਪੇਨ ਲਈ ਪੇਨ ਕਿਲਰਜ਼ ਦਿੱਤਆਂ ਜਾਂਦੀਆਂ ਹਨ, ਪਰ ਰੀੜ੍ਹ ਦੀ ਹੱਡੀ ਦੇ ਸਟੀਨੋਸਿਸ ਦੇ ਮਾਮਲੇ 'ਚ ਗੈਰ-ਸਟੀਰੌਇਡਲ ਐਂਟੀ-ਇਨਫਲਾਮੇਟਰੀ ਦਵਾਈਆਂ, ਐਂਟੀ-ਡਿਪ੍ਰੈਸੈਂਟਸ ਤੇ ਓਪੀਔਡਜ਼ ਦਿੱਤੀਆਂ ਜਾ ਸਕਦੀਆਂ ਹਨ।

ਫਿਜ਼ੀਕਲ ਐਕਟੀਵਿਟੀਜ਼

ਰੀੜ੍ਹ ਦੀ ਹੱਡੀ ਨੂੰ ਸਿਹਤਮੰਦ ਤੇ ਮਜ਼ਬੂਤ ??ਰੱਖਣ ਲਈ ਸਰੀਰਕ ਗਤੀਵਿਧੀਆਂ ਬਹੁਤ ਫਾਇਦੇਮੰਦ ਹੁੰਦੀਆਂ ਹਨ। ਇਸ ਨਾਲ ਹਲਕੇ ਦਰਦ 'ਚ ਕਾਫੀ ਰਾਹਤ ਮਿਲਦੀ ਹੈ ਪਰ ਜੇਕਰ ਦਰਦ ਕਾਰਨ ਉੱਠਣਾ-ਬੈਠਣਾ ਮੁਸ਼ਕਿਲ ਹੋ ਗਿਆ ਹੈ ਤਾਂ ਕਿਸੇ ਵੀ ਤਰ੍ਹਾਂ ਦੀ ਕਸਰਤ ਕਰਨ ਤੋਂ ਪਹਿਲਾਂ ਡਾਕਟਰ ਦੀ ਸਲਾਹ ਜ਼ਰੂਰ ਲਓ।

ਲਾਈਫਸਟਾਈਲ 'ਚ ਤਬਦੀਲੀ

ਭਾਰ ਕੰਟਰੋਲ ਕਰਨਾ, ਸੰਤੁਲਿਤ ਖੁਰਾਕ ਲੈਣਾ, ਨਿਯਮਿਤ ਤੌਰ 'ਤੇ ਕਸਰਤ ਕਰਨਾ ਤੇ ਸਿਗਰਟਨੋਸ਼ੀ ਛੱਡਣਾ ਰੀੜ੍ਹ ਦੀ ਹੱਡੀ ਨੂੰ ਸਿਹਤਮੰਦ ਰੱਖਣ 'ਚ ਮਦਦ ਮਿਲਦੀ ਹੈ। ਪਰ ਜੇਕਰ ਦਵਾਈਆਂ ਜਾਂ ਜੀਵਨਸ਼ੈਲੀ 'ਚ ਜ਼ਰੂਰੀ ਬਦਲਾਅ ਰੀੜ੍ਹ ਦੀ ਹੱਡੀ ਨਾਲ ਜੁੜੀਆਂ ਸਮੱਸਿਆਵਾਂ ਨੂੰ ਦੂਰ ਕਰਨ ਵਿੱਚ ਕੋਈ ਫ਼ਰਕ ਨਹੀਂ ਪਾ ਰਹੇ ਹਨ, ਤਾਂ ਡਾਕਟਰ ਦੀ ਸਲਾਹ ਲੈਣ 'ਚ ਦੇਰ ਨਾ ਕਰੋ। ਇਨ੍ਹਾਂ ਰੀੜ੍ਹ ਦੀ ਹੱਡੀ ਦੀਆਂ ਸਮੱਸਿਆਵਾਂ ਲਈ ਸਰਜੀਕਲ ਪ੍ਰਕਿਰਿਆਵਾਂ ਜਿਵੇਂ ਕਿ ਪੋਸਟਰੀਅਰ ਡੀਕੰਪ੍ਰੇਸ਼ਨ ਤੇ ਫਿਕਸੇਸ਼ਨ ਫਿਊਜ਼ਨ ਸਰਜਰੀ ਕੀਤੀ ਜਾਂਦੀ ਹੈ।

# ਫ਼ਕੀਰ ਸ਼ਾਇਰ ਅਲਮਸਤ ਦੇਸਰਪੁਰੀ ਜੀ ਦੀ ਯਾਦ ਵਿਚ ਬਰਸੀ ਮੇਲਾ ਕਰਵਾਇਆ ਗਿਆ



ਮੱਲੀਆਂ ਕਲਾਂ, -ਫਕੀਰ ਸ਼ਾਇਰ ਅਲਮਸਤ ਦੇਸਰਪੁਰੀ ਜੀ ਦੀ ਯਾਦ 28 ਅਪ੍ਰੈਲ ਨੂੰ ਦੂਜਾ ਬਰਸੀ ਮੇਲਾ ਮਨਾਇਆ ਗਿਆ। ਇਸ ਮੌਕੇ ਪੰਜਾਬ ਦੇ ਬਹੁਤ ਹੀ ਨਾਮਵਰ ਗਾਇਕ ਪਹੁੰਚੇ ਅਤੇ ਹੋਰ ਮਹਾਂਪੁਰਸ਼ ਫ਼ਕੀਰ ਲੋਕ ਵੀ ਪਹੁੰਚੇ ਅਸ਼ੀਰਵਾਦ ਦੇਣ ਲਈ। ਅਲਗ ਅਲਗ ਰਾਜਨੀਤਿਕ ਆਗੂ ਵੀ ਪਹੁੰਚੇ ਜਿਹਨਾਂ ਵਿਚ ਆਮ ਆਦਮੀ ਪਾਰਟੀ ਤੋਂ ਕੈਬਨਿਟ ਮੰਤਰੀ ਬਲਕਾਰ ਸਿੰਘ ਵੀ ਪਹੁੰਚੇ ਅਤੇ ਅਲਮਸਤ ਦੇਸਰਪੁਰ ਜੀ ਦੇ ਸਾਰੇ ਪਰਿਵਾਰ ਨੇ ਬਹੁਤ ਵਧੀਆ ਸਵਾਗਤ ਕੀਤਾ ਆਏ ਹੋਏ ਸਰੋਤਿਆ ਦਾ। ਪਿੰਡ ਦੇਸਰਪੁਰ ਦੀ ਗ੍ਰਾਮ ਪੰਚਾਇਤ ਨੇ ਵੀ ਅਤੇ ਪਿੰਡ ਦੇ ਸਰਪੰਚ ਜਸਵਿੰਦਰ ਸਿੰਘ ਜੀ ਨੇ ਵੀ ਅਲਮਸਤ ਦੇਸਰਪੁਰੀ ਦੇ ਪੁੱਤਰ ਸਾਗਰ ਦੇਸਰਪੁਰ ਜੀ ਨਾਲ ਮੋਢੇ ਨਾਲ ਮੋਢਾ ਲਾਕੇ ਖੜੇ ਰਹੇ। ਸਟੇਜ ਦੀ ਭੂਮਿਕਾ ਕੁਲਵਿੰਦਰ ਰਿੰਪੀ ਅਤੇ ਰਾਹੁਲ ਲਹਿਰੀ ਨੇ ਸਾਂਝੇ ਤੌਰ ਤੇ ਬਾਖੂਬੀ ਸੇਵਾ ਨਿਭਾਈ । ਮੇਲੇ ਵਿਚ ਪਹੁੰਚੇ ਪੰਜਾਬ ਦੇ ਨਾਮਵਰ ਕਲਾਕਾਰ ਲਹਿੰਬਰ ਹੁਸੈਨਪੁਰੀ, ਅਸ਼ੋਕ ਗਿੱਲ, ਸਾਹਿਲ ਚੌਹਾਨ, ਹਰਭਜਨ ਹਰਿ, ਦੀਪਕ ਹੰਸ, ਦੋਗਾਣਾ ਜੋੜੀ ਅਮਰੀਕ ਮਾਇਕਲ ਅਤੇ ਮਮਤਾ ਮਹਿਰਾ, ਅਲੈਕਸ ਕੋਟੀ, ਦਲਵਿੰਦਰ ਦਿਆਲਪੁਰੀ, ਆਰਤੀ ਅਨਮੋਲ ਚੰਡੀਗੜ੍ਹ, ਗਾਇਕਾ ਮਨੀ ਗਿੱਲ, ਕਰਮਜੀਤ ਕਮਲ ਉਗੀ, ਮੁਮਤਾਜ਼ ਹੰਸ, ਜਸਵਿੰਦਰ ਗੁਲਾਮ, ਬਲਵੀਰ ਸ਼ੇਰਪੁਰੀ, ਰਮੇਸ਼ ਨੂਸੀਵਾਲ, ਮਨੋਹਰ ਧਾਰੀਵਾਲ ਅਤੇ ਰਿਹਾਨਾ ਭੱਟੀ, ਕੌਰ ਪ੍ਰੀਤ, ਕੁੱਕੂ ਵਰਿਆਣਵੀ, ਬਾਬਾ ਬਚਨ ਸਿੰਘ ਗਿੱਲ, ਸੁਨੈਨਾ ਨੰਦਾ ਅੰਮ੍ਰਿਤਸਰ, ਰਵਿੰਦਰ ਰੂਬੀ ਜਮਸ਼ੇਰ ਵਾਲੀ, ਹੁਸਨ ਲਾਲ ਹੀਰਾ, ਵਿਜੇ ਡੋਲਿਕੇ, ਰਜਿੰਦਰ ਰਾਜਨ, ਸਤੀਸ਼ ਦਰਦੀ, ਰਜਿੰਦਰ ਪਾਲ ਯੂ ਕੇ, ਹਰਿ ਅਮਿਤ ਅਤੇ ਹੋਰ ਕਲਾਕਾਰ ਅਤੇ ਐਨ ਆਰ ਆਈ ਪਰਿਵਾਰ ਵਿਸ਼ੇਸ਼ ਤੌਰ ਤੇ ਪਹੁੰਚੇ । ਇਸ ਮੇਲੇ ਦਾ ਸੰਗੀਤ ਅਸ਼ੋਕ ਸ਼ਰਮਾ ਤੇ ਸਾਹਿਲ ਸ਼ਰਮਾ ਵੱਲੋਂ ਸਾਂਝੇ ਤੌਰ ਤੇ ਬਾਖੂਬੀ ਸੇਵਾ ਨਿਭਾਈ ➧ ਇਸ ਮੌਕੇ ਪੱਤਰਕਾਰ ਬਲਜੀਤ ਸੰਘਾ, ਪੱਤਰਕਾਰ ਸੁਰਜੀਤ ਟੁੱਟ, ਪੱਤਰਕਾਰ ਅਸ਼ੋਕ ਸ਼ਰਮਾ ਅਤੇ ਪ੍ਰਸਿੱਧ ਗੀਤਕਾਰ ਸੂਰਜ ਹੁਸੈਨਪੁਰੀ ਦਾ ਸਨਮਾਨਿਤ ਕੀਤਾ ਗਿਆ ➧ ਮੇਲੇ ਵਿੱਚ ਚਾਹ ਪਕੌੜੇ ਅਤੇ ਅਤੁੱਟ ਲੰਗਰ ਵਰਤਾਇਆ ਗਿਆ। ਫਕੀਰ ਸ਼ਾਇਰ ਅਲਮਸਤ ਦੇਸਰਪੁਰੀ ਜੀ ਨੂੰ ਮੇਲੇ ਵਿੱਚ ਸਾਰੇ ਹੀ ਧਾਰਮਿਕ, ਸਮਾਜਿਕ ਆਗੂ ਅਤੇ ਕਲਾਕਾਰਾਂ ਨੇ ਸ਼ਰਧਾ ਦੇ ਫੁੱਲ ਭੇਂਟ ਕੀਤੇ। ਅਖੀਰ ਵਿੱਚ ਮੁੱਖ ਸੇਵਾਦਾਰ ਸਾਗਰ ਦੇਸਰਪੁਰੀ ਅਤੇ ਸੋਨੂੰ ਦੇਸਰਪੁਰੀ ਵੱਲੋਂ ਇਸ ਬਰਸੀ ਮੇਲੇ ਵਿੱਚ ਆਏ ਸਾਰੇ ਹੀ ਕਲਾਕਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹੇ ਅੰਦਰ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ



ਫਾਜਿਲਕਾ ਜ਼ਿਲਾ ਮੈਜਿਸਟ੍ਰੇਟ ਡਾ. ਸੇਨੂ ਦੁੱਗਲ ਨੇ ਫੌਜਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋ ਕਰਦਿਆਂ ਜ਼ਿਲ੍ਹੇ ਅੰਦਰ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ। ਇਹ ਪਾਬੰਦੀਆਂ 30 ਜੂਨ 2024 ਤੱਕ ਲਾਗੂ ਰਹਿਣਗੀਆਂ ਅਤੇ ਉਲੰਘਣਾ ਕਰਨ ਵਾਲਿਆਂ ਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਪਾਬੰਦੀਆਂ ਅਨੁਸਾਰ ਜ਼ਿਲ੍ਹਾ ਫਾਜਿਲਕਾ 'ਚ ਸ਼ਾਮ ਨੂੰ ਸੂਰਜ ਡੁੱਬਣ ਤੋਂ ਬਾਅਦ ਅਤੇ ਸਵੇਰੇ ਸੂਰਜ ਚੜ੍ਹਨ ਤੋਂ ਪਹਿਲਾਂ ਗਊਵੰਸ਼ ਦੀ ਢੋਆ ਢੁਆਈ ਤੇ ਪੂਰਨ ਪਾਬੰਦੀ ਲਗਾਈ ਹੈ। ਹੁਕਮਾਂ 'ਚ ਉਨ੍ਹਾਂ ਕਿਹਾ ਕਿ ਜਿਨ੍ਹਾਂ ਲੋਕਾਂ ਨੇ ਗਊਵੰਸ਼ ਰੱਖੇ ਹੋਏ ਹਨ ਉਹ ਪਸ਼ੂ ਪਾਲਣ ਵਿਭਾਗ ਪਾਸ ਰਜਿਸਟਰਡ ਕਰਵਾਉਣ। ਇਕ ਹੋਰ ਹੁਕਮ ਰਾਹੀਂ ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹਾ ਫਾਜ਼ਿਲਕਾ 'ਚ ਪੈਂਦੇ ਅੰਤਰਰਾਸ਼ਟਰੀ ਬਾਰਡਰ ਏਰੀਆ ਦੇ ਨਾਲ ਲੱਗਦੇ 4 ਕਿਲੋਮੀਟਰ ਦੇ ਏਰੀਏ 'ਚ ਪਾਕਿਸਤਾਨੀ ਸਿਮ ਰੱਖਣ ਅਤੇ ਵਰਤੋਂ ਕਰਨ ਤੇ ਪੂਰਨ ਪਾਬੰਦੀ ਲਗਾਈ ਹੈ। ਜ਼ਿਲਾ ਮੈਜਿਸਟ੍ਰੇਟ ਦੇ ਜਾਰੀ ਹੁਕਮਾਂ ਅਨੁਸਾਰ ਕਿਸੇ ਵੀ ਰੈਸਟੋਰੈਂਟ ਜਾਂ ਹੁੱਕਾ ਬਾਰ ਵਿਖੇ ਗ੍ਰਾਹਕਾਂ ਨੂੰ ਹੁੱਕਾ ਨਹੀਂ ਪਰੋਸਿਆ ਜਾ ਸਕੇਗਾ। ਜ਼ਿਲੇ ਦੇ ਸਮੂਹ ਪਿੰਡਾਂ ਅਤੇ ਨਗਰ ਕੌਂਸਲਾਂ ਦੀ ਹੱਦ 'ਚ ਇਹ ਹੁਕਮ ਲਾਗੂ ਰਹਿਣਗੇ। ਉਨਾਂ ਕਿਹਾ ਕਿ ਉਲੰਘਣਾ ਕਰਨ ਵਾਲੇ ਵਿਅਕਤੀ ਵਿਰੁੱਧ ਭਾਰਤੀ ਢੰਡ ਵਿਧਾਨ ਦੀ ਧਾਰਾ 188 ਤਹਿਤ ਕਾਰਵਾਈ ਅਮਲ 'ਚ ਲਿਆਂਦੀ ਜਾਵੇਗੀ।

ਪਾਬੰਦੀਆਂ ਅਨੁਸਾਰ ਜ਼ਿਲ੍ਹਾ ਫਾਜ਼ਿਲਕਾ ਦੀਆਂ ਸੀਮਾਵਾਂ ਅੰਦਰ ਆਮ ਲੋਕਾਂ ਦੇ ਮਿਲਟਰੀ ਰੰਗ ਦੀ ਵਰਦੀ ਅਤੇ ਵਹੀਕਲਾਂ ਦੀ ਖਰੀਦ, ਵੇਚਣ ਅਤੇ ਵਰਤੋਂ ਕਰਨ ਤੇ ਪੂਰਨ ਪਾਬੰਦੀ ਲਗਾ ਦਿੱਤੀ ਹੈ।

ਜ਼ਿਲ੍ਹਾ ਫਾਜ਼ਿਲਕਾ ਦੇ ਬਾਰਡਰ ਨੇੜਲੇ ਪਿੰਡਾਂ 'ਚ ਸ਼ਾਮ 5 ਵਜੇ ਤੋਂ ਬਾਅਦ ਡੀਜੇ (ਮਿਊਜਿਕ ਸਿਸਟਮ), ਪਟਾਖੇ ਚਲਾਉਣ ਅਤੇ ਲੇਜਰ ਲਾਇਟਾਂ ਦਾ ਇਸਤੇਮਾਲ ਕਰਨ ਤੇ ਰੋਕ ਲਗਾ ਦਿੱਤੀ ਗਈ ਹੈ। ਜਿਕਰਯੋਗ ਹੈ ਕਿ ਬਾਰਡਰ ਦੇ ਪਾਰ ਤੋਂ ਰਾਤ ਸਮੇਂ ਡ੍ਰੋਨ ਰਾਹੀਂ ਘੁਸਪੈਠ ਦੀ ਕੋਸਿਸ਼ ਹੁੰਦੀ ਹੈ ਅਤੇ ਡੀਜੇ ਦੀ ਉਚੀ ਅਵਾਜ ਚ ਹਿੰਦ ਪਾਕਿ ਸੀਮਾ ਤੇ ਡਿਊਟੀ ਕਰ ਰਹੇ ਜਵਾਨਾਂ ਨੂੰ ਡ੍ਰੋਨ ਦੀ ਗੂੰਜ ਸੁਣਾਈ ਨਹੀਂ ਦਿੰਦੀ ਜਿਸ ਕਾਰਨ ਡ੍ਰੋਨ ਗਤੀਵਿਧੀ ਦਾ ਪਤਾ ਲਗਾਉਣਾ ਮੁਸਕਿਲ ਹੋ ਜਾਂਦਾ ਹੈ। ਜ਼ਿਲ੍ਹਾ ਫਾਜਿਲਕਾ 'ਚ ਸਰਹੱਦੀ ਖੇਤਰਾਂ ਦੇ ਨਾਲ-ਨਾਲ ਬੀ.ਓ.ਪੀਜ ਦੇ ਨੇੜੇ ਸ਼ਾਮ 5 ਵਜੇ ਤੋਂ ਬਾਅਦ ਡੀ.ਜੇ ਦੀ ਆਵਾਜ ਨੂੰ ਸੀਮਤ ਕਰਨ ਲਈ ਜਰੂਰੀ ਨਿਰਦੇਸ਼ ਜਾਰੀ ਕਰਨ ਦੇ ਉਪਰਾਲੇ ਕੀਤੇ ਜਾਣੇ ਜਰੂਰੀ ਹਨ। ਇਸ ਲਈ ਰਾਸ਼ਟਰੀ ਸੁਰੱਖਿਆ ਦੇ ਮੱਦੇਨਜਰ ਇਹ ਹੁਕਮ ਜਾਰੀ ਕੀਤੇ ਗਏ ਹਨ।




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾਂ ਨੂੰ ਤਸਦੀਕ ਨਹੀਂ ਕਰਦਾ । ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ । ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜ਼ਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com